ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 30 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੫ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਜਲੰਧਰ 'ਚ 13 ਸਾਲਾਂ ਬੱਚੀ ਦੇ ਕਤਲ ਮਾਮਲੇ 'ਚ ਮੁੱਖ ਮੰਤਰੀ ਭਗਵੰਤ ਮਾਨ ਦਾ ਪਹਿਲਾ ਬਿਆਨ, ਕਿਹਾ - ਆਰੋਪੀ ਨੂੰ ਜਲਦ ਹੀ ਫਾਂਸੀ 'ਤੇ ਲਟਕਾਵਾਂਗੇ'

**ਚੰਡੀਗੜ੍ਹ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦੇ ਪੱਛਮੀ ਹਲਕੇ ਵਿੱਚ 13 ਸਾਲਾ ਲੜਕੀ ਦੇ ਕਤਲ ਮਾਮਲੇ ਸਬੰਧੀ ਮੁੱਖ ਮੰਤਰੀ ਭਗਵੰਤ ਮਾਨ ਦਾ ਪਹਿਲਾ ਬਿਆਨ ਸਾਹਮਣੇ ਆਇਆ ਹੈ। ਪਟਿਆਲਾ ਵਿੱਚ ਜਗੀਆ ਫਾਊਂਡੇਸ਼ਨ ਦੇ ਇੱਕ ਸਮਾਗਮ ਵਿੱਚ ਬੋਲਦਿਆਂ ਮਾਨ ਨੇ ਕਿਹਾ ਕਿ ਇਹ ਮਾਮਲਾ ਬੇਰਹਿਮੀ ਦੀ ਸ਼੍ਰੇਣੀ ਵਿੱਚ ਆਉਂਦਾ ਹੈ। "ਅਸੀਂ ਆਰੋਪੀ ਨੂੰ ਫਾਂਸੀ 'ਤੇ ਲਟਕਾਵਾਂਗੇ। ਇਹ ਘਟਨਾ ਲੋਕਾਂ ਦੇ ਭੁੱਲਣ ਤੋਂ ਪਹਿਲਾਂ ਆਰੋਪੀ ਨੂੰ ਮੌਤ ਦੀ ਸਜ਼ਾ ਮਿਲ ਸਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਇਹ ਘਟਨਾ ਅਣਮਨੁੱਖੀ ਹੈ। ਅੱਜ ਦੇ ਸਮੇਂ ਵਿੱਚ ਅਜਿਹੀਆਂ ਘਟਨਾਵਾਂ ਬਾਰੇ ਸੋਚਿਆ ਵੀ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਪਤਾ ਨਹੀਂ ਕਿ ਅਜਿਹੇ ਲੋਕਾਂ ਦੇ ਦਿਮਾਗ ਵਿੱਚ ਕਿਸ ਤਰ੍ਹਾਂ ਹੈਵਾਨੀਅਤ ਭਰ ਜਾਂਦੀ ਹੈ। ਉਨ੍ਹਾਂ ਨੇ ਪੁਲਿਸ ਨੂੰ ਮੁਲਜ਼ਮਾਂ ਵਿਰੁੱਧ ਸਖ਼ਤ ਰਿਪੋਰਟ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਇਸ ਮਾਮਲੇ ਨੂੰ ਫਾਸਟ-ਟਰੈਕ ਅਦਾਲਤ ਵਿੱਚ ਚਲਾਇਆ ਜਾਵੇਗਾ ਤਾਂ ਜੋ ਆਰੋਪੀ ਨੂੰ ਜਲਦੀ ਤੋਂ ਜਲਦੀ ਫਾਂਸੀ ਹੋ ਸਕੇ ਅਤੇ ਕੋਈ ਵੀ ਦੁਬਾਰਾ ਅਜਿਹਾ ਕੁਝ ਕਰਨ ਬਾਰੇ ਸੋਚ ਵੀ ਨਾ ਸਕੇ। ਮੁੱਖ ਮੰਤਰੀ ਭਗਵੰਤ ਮਾਨ ਦਾ ਸ਼ਨੀਵਾਰ ਨੂੰ ਲੜਕੀ ਦੇ ਘਰ ਜਾਣ ਦਾ ਪ੍ਰੋਗਰਾਮ ਸੀ ਪਰ ਕੁੱਝ ਰੁਝੇਵਿਆਂ ਕਾਰਨ ਇਹ ਦੌਰਾ ਮੁਲਤਵੀ ਹੋ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਉਹ ਪਹਿਲੇ ਦਿਨ ਤੋਂ ਹੀ ਮਾਮਲੇ ਦੀ ਨਿਗਰਾਨੀ ਕਰ ਰਹੇ ਹਨ। ਲੜਕੀ ਦੀ ਮਾਂ ਲਈ ਸਰਕਾਰੀ ਨੌਕਰੀ ਦਾ ਐਲਾਨ ਕੀਤਾ ਗਿਆ ਹੈ ਤਾਂ ਜੋ ਉਹ ਕਿਸੇ 'ਤੇ ਨਿਰਭਰ ਨਾ ਰਹੇ।

## ਪੰਜਾਬ ਸਰਕਾਰ ਨੇ ਪਨਬੱਸ ਜਲੰਧਰ-1 ਡਿਪੂ ਦੇ ਪ੍ਰਧਾਨ ਨੂੰ ਕੀਤਾ ਸਸਪੈਂਡ

# ਧਰਨੇ ਨੂੰ ਦੱਸਿਆ ਗੈਰ-ਕਾਨੂੰਨੀ

**ਚੰਡੀਗੜ੍ਹ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਰ 'ਚ ਦੂਜੇ ਦਿਨ ਵੀ PRTC ਅਤੇ ਪਨਬੱਸ ਦੇ ਕੱਚੇ ਮੁਲਾਜ਼ਮਾਂ ਦੀ ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲ ਜਾਰੀ ਹੈ। ਪੰਜਾਬ 'ਚ ਕਿਲੋਮੀਟਰ-ਸਕੀਮ ਦੀਆਂ ਬੱਸਾਂ ਦਾ ਟੈਂਡਰ ਰੱਦ ਕਰਨ ਵਿਰੁੱਧ ਪੰਜਾਬ ਵਿੱਚ ਚੱਲ ਰਹੀ ਹੜਤਾਲ 'ਤੇ ਭਗਵੰਤ ਮਾਨ ਸਰਕਾਰ ਨੇ ਸਖ਼ਤ ਕਾਰਵਾਈ ਕੀਤੀ ਹੈ। ਹੜਤਾਲ ਵਿੱਚ ਸ਼ਾਮਲ ਪਨਬਸ ਜਲੰਧਰ-1 ਡਿਪੂ ਦੇ ਪ੍ਰਧਾਨ ਬਿਕਰਮਜੀਤ ਸਿੰਘ ਨੂੰ ਸਰਕਾਰ ਨੇ ਸਸਪੈਂਡ ਕਰ ਦਿੱਤਾ ਹੈ। ਵਿਭਾਗ ਨੇ ਇੱਕ ਈਮੇਲ ਭੇਜ ਕੇ ਕਾਰਵਾਈ ਦੀ ਜਾਣਕਾਰੀ ਦਿੱਤੀ ਹੈ। ਈਮੇਲ ਵਿੱਚ ਕਿਹਾ ਗਿਆ ਹੈ ਕਿ ਕਰਮਚਾਰੀ ਨੇ ਗੈਰ-ਕਾਨੂੰਨੀ ਹੜਤਾਲ ਵਿੱਚ ਹਿੱਸਾ ਲੈ ਕੇ ਸਰਕਾਰ ਨੂੰ ਵਿੱਤੀ ਨੁਕਸਾਨ ਪਹੁੰਚਾਇਆ ਹੈ ਅਤੇ ਬਿਕਰਮਜੀਤ ਸਿੰਘ ਨੂੰ ਤੁਰੰਤ ਪ੍ਰਭਾਵ ਨਾਲ ਸਸਪੈਂਡ ਕਰ ਦਿੱਤਾ ਹੈ ਅਤੇ ਡਿਊਟੀ 'ਤੇ ਗੈਰ ਹਾਜ਼ਿਰ ਹੋਣ ਕਾਰਨ ਸੇਵਾਵਾਂ ਖ਼ਤਮ ਕੀਤੀਆਂ ਗਈਆਂ ਹਨ।



ਸਰਕਾਰ ਨੇ ਕਿਹਾ ਕਿ ਬੱਸਾਂ ਨਾ ਚੱਲਣ ਕਰਕੇ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਪਰੇਸ਼ਾਨੀ ਚੱਲਣੀ ਪਈ ਹੈ। ਦੱਸ ਦੇਈਏ ਕਿ ਬੀਤੇ ਦਿਨ PRTC ,ਪੰਜਾਬ ਰੋਡਵੇਜ਼ ਅਤੇ ਪਨਬੱਸ ਦੇ ਕੱਚੇ ਮੁਲਾਜ਼ਮਾਂ ਨੂੰ ਪੁਲਿਸ ਵੱਲੋਂ ਹਿਰਾਸਤ ਵਿੱਚ ਲਏ ਜਾਣ ਤੋਂ ਬਾਅਦ ਹੜਤਾਲ ਦਾ ਐਲਾਨ ਕੀਤਾ ਗਿਆ ਸੀ। ਜਿਸ ਤੋਂ ਬਾਅਦ ਪੰਜਾਬ ਭਰ ਵਿੱਚ ਕੱਚੇ ਕਾਮਿਆਂ ਵੱਲੋਂ ਸਰਕਾਰੀ ਬੱਸਾਂ ਨੂੰ ਨਹੀਂ ਚਲਾਇਆ ਗਿਆ। ਇਨ੍ਹਾਂ ਹੀ ਨਹੀਂ ਪ੍ਰਦਰਸ਼ਨ ਦੌਰਾਨ ਕਈ ਜਗ੍ਹਾ ਉੱਪਰ ਪੀਆਰਟੀਸੀ ਅਤੇ ਪਨਬੱਸ ਦੇ ਕੱਚੇ ਮੁਲਾਜ਼ਮ ਪੁਲਿਸ ਦੇ ਨਾਲ ਭਿੜ ਗਏ। ਜਿਸ ਨੂੰ ਲੈ ਕੇ ਪੁਲਿਸ ਵੱਲੋਂ ਮਾਮਲੇ ਵੀ ਦਰਜ ਕੀਤੇ ਗਏ ਹਨ।

**ਪੱਤਰ 'ਚ ਲਿਖਿਆ** : ਅੱਜ ਮਿਤੀ 28-11-2025 ਨੂੰ ਤੁਹਾਡੇ ਸ਼੍ਰੀ ਬਿਰਕਮਜੀਤ ਸਿੰਘ ਕੰਡ:ਨੰ: ਸੀਟੀਸੀ-06 ਵਲੋਂ ਗੈਰਕਾਨੂੰਨੀ ਹੜਤਾਲ ਵਿੱਚ ਸ਼ਾਮਲ ਹੋ ਕੇ ਡਿਊਟੀ ਸੈਕਸ਼ਨ ਵਲੋਂ ਲਗਾਏ ਗਏ ਰੋਟੇ ਮੁਤਾਬਿਕ 380 ਕਿਲੋਮੀਟਰ ਮਿਸ ਕੀਤੇ ਗਏ ਅਤੇ ਰੂਟ ਮੁਕੇਰੀਆ-ਜਲੰਧਰ-ਅੰਮ੍ਰਿਤਸਰ- ਜਲੰਧਰ-ਪਠਾਨਕੋਟ ਉਪਰ ਪਨਬਸ ਦੀ ਬੱਸ ਸੇਵਾ ਨਾ ਦੇਣ ਕਾਰਨ ਪਬਲਿਕ ਵਿੱਚ ਬਦਨਾਮੀ ਹੋਈ, ਉਥੇ ਪਬਲਿਕ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਅਤੇ ਵਿਭਾਗ ਦਾ 11939/- ਰੁਪਏ ਦਾ ਵਿੱਤੀ ਨੁਕਸਾਨ ਹੋਇਆ।

## ਗਾਇਕ ਹਸਨ ਮਾਣਕ 'ਤੇ ਬਲਾਤਕਾਰ ਦਾ ਦੋਸ਼, ਐਨ. ਆਰ. ਆਈ. ਔਰਤ ਨੇ ਲਾਏ ਇਲਜ਼ਾਮ, ਪੁਲਿਸ ਨੇ ਕੀਤਾ ਗ੍ਰਿਫ਼ਤਾਰ

**ਕਪੂਰਥਲਾ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਕਪੂਰਥਲਾ ਵਿੱਚ ਪੁਲਿਸ ਨੇ ਹੁਣ ਪੰਜਾਬੀ ਗਾਇਕ ਹਸਨ ਮਾਣਕ ਵਿਰੁੱਧ ਦਰਜ ਮਾਮਲੇ ਵਿੱਚ ਬਲਾਤਕਾਰ ਦੇ ਦੋਸ਼ ਜੋੜ ਦਿੱਤੇ ਹਨ। ਇਹ ਕਾਰਵਾਈ ਧੋਖਾਧੜੀ ਮਾਮਲੇ ਦੀ ਜਾਂਚ ਦੌਰਾਨ ਦਰਜ ਬਿਆਨਾਂ ਵਿੱਚ ਬਲਾਤਕਾਰ ਦੇ ਦੋਸ਼ ਸਾਹਮਣੇ ਆਉਣ ਤੋਂ ਬਾਅਦ ਕੀਤੀ ਗਈ ਸੀ। ਪੁਲਿਸ ਨੇ ਉਸਨੂੰ 13 ਨਵੰਬਰ ਨੂੰ ਗ੍ਰਿਫਤਾਰ ਕੀਤਾ ਸੀ। ਡੀਐਸਪੀ ਭਾਰਤ ਭੂਸ਼ਣ ਨੇ ਦੱਸਿਆ ਕਿ ਫਗਵਾੜਾ ਸਿਟੀ ਪੁਲਿਸ ਸਟੇਸ਼ਨ ਨੇ 30 ਮਈ, 2025 ਨੂੰ ਇੱਕ ਐਨਆਰਆਈ ਔਰਤ ਦੀ ਸ਼ਿਕਾਇਤ ਦੇ ਆਧਾਰ 'ਤੇ ਧੋਖਾਧੜੀ ਦੇ ਦੋਸ਼ਾਂ ਤਹਿਤ ਉਸਦੇ ਵਿਰੁੱਧ ਕੇਸ ਦਰਜ ਕੀਤਾ ਸੀ। ਦੋਸ਼ ਹੈ ਕਿ ਉਸਨੇ ਉਸਨੂੰ ਤਲਾਕ ਦਿੱਤੇ ਬਿਨਾਂ ਦੁਬਾਰਾ ਵਿਆਹ ਕਰਵਾ ਲਿਆ ਅਤੇ ਪੀੜਤ ਦੇ ਗਹਿਣੇ ਵੇਚ ਦਿੱਤੇ। ਜਾਣਕਾਰੀ ਮੁਤਾਬਕ, ਇਹ ਗ੍ਰਿਫ਼ਤਾਰੀ ਇੱਕ ਐਨਆਰਆਈ ਔਰਤ ਦੀ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਸੀ। ਪੀੜਤਾ ਨੇ ਕੁਝ ਮਹੀਨੇ ਪਹਿਲਾਂ ਫਗਵਾੜਾ ਸਿਟੀ ਪੁਲਿਸ ਸਟੇਸ਼ਨ ਵਿੱਚ ਸ਼ਿਕਾਇਤ ਦਰਜ ਕਰਵਾਈ ਸੀ, ਜਿਸ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਦੋਸ਼ੀ ਨੇ ਗਾਇਕ ਅਤੇ ਮਸ਼ਹੂਰ ਹੋਣ ਦਾ ਦਾਅਵਾ ਕਰਕੇ ਉਸਦਾ ਵਿਸ਼ਵਾਸ ਜਿੱਤਿਆ ਹੈ, ਹਾਲਾਂਕਿ ਉਹ ਪਹਿਲਾਂ ਹੀ ਵਿਆਹਿਆ ਹੋਇਆ ਸੀ ਅਤੇ ਉਸਦੇ ਖਿਲਾਫ ਘਰੇਲੂ ਹਿੰਸਾ ਦਾ ਮਾਮਲਾ ਚੱਲ ਰਿਹਾ ਸੀ। ਪੀੜਤਾ ਦੀ ਮਾਂ ਦੇ ਅਨੁਸਾਰ, ਦੋਸ਼ੀ ਨੇ ਪਰਿਵਾਰ ਨੂੰ ਦੱਸੇ ਬਿਨਾਂ ਆਪਣੇ ਖਰਚੇ 'ਤੇ ਵਿਆਹ ਦਾ ਪ੍ਰਬੰਧ ਕੀਤਾ। ਸੋਨੇ ਅਤੇ ਚਾਂਦੀ ਦੇ ਗਹਿਣਿਆਂ, ਕੱਪੜੇ, ਮਹਿੰਗੇ ਤੋਹਫ਼ਿਆਂ ਅਤੇ ਵਿਆਹ ਸਮਾਰੋਹ ਦਾ ਕੁੱਲ ਖਰਚ ਲਗਭਗ 22-25 ਲੱਖ ਰੁਪਏ ਸੀ। ਸਾਰੀਆਂ ਰਸਮਾਂ ਬੰਗਾ ਦੇ ਇੱਕ ਪੈਲੇਸ ਵਿੱਚ ਪੂਰੀਆਂ ਹੋਈਆਂ, ਪਰ ਪੁਲਿਸ ਨੇ ਦਖਲ ਦਿੱਤਾ ਤੇ ਵਿਆਹ ਨੂੰ ਗੈਰ-ਕਾਨੂੰਨੀ ਐਲਾਨ ਦਿੱਤਾ। ਇਸ ਸ਼ਿਕਾਇਤ ਦੇ ਆਧਾਰ 'ਤੇ, ਪੁਲਿਸ ਨੇ 30 ਮਈ, 2025 ਨੂੰ ਦੋਸ਼ੀ ਦੇ ਖਿਲਾਫ ਧੋਖਾਧੜੀ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਸੀ। ਹਾਲਾਂਕਿ, ਪੁਲਿਸ ਨੇ ਉਸ ਸਮੇਂ ਉਸਨੂੰ ਗ੍ਰਿਫਤਾਰ ਨਹੀਂ ਕੀਤਾ ਸੀ। ਬਾਅਦ ਵਿੱਚ ਅਦਾਲਤ ਨੇ ਦੋਸ਼ੀ ਦੇ ਖਿਲਾਫ ਬਲਾਤਕਾਰ ਦਾ ਦੋਸ਼ ਜੋੜਨ ਦਾ ਆਦੇਸ਼ ਵੀ ਜਾਰੀ ਕੀਤਾ।



## ਚੱਕਰਵਾਤੀ ਤੂਫਾਨ ਦਾ ਕਹਿਰ, ਪੂਰੇ ਸ਼੍ਰੀਲੰਕਾ 'ਚ ਐਮਰਜੈਂਸੀ ਲਾਗੂ ! ਰਾਸ਼ਟਰਪਤੀ ਕੁਮਾਰਾ ਨੇ ਕੀਤਾ ਐਲਾਨ

**ਕੋਲੰਬੋ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਚੱਕਰਵਾਤੀ ਤੂਫਾਨ 'ਦਿਤਵਾ' ਕਾਰਨ ਸ਼੍ਰੀਲੰਕਾ ਵਿੱਚ ਹੜ੍ਹਾਂ, ਲੈਂਡਸਲਾਈਡਾਂ ਅਤੇ ਇਮਾਰਤਾਂ ਦੇ ਨੁਕਸਾਨ ਕਾਰਨ ਲੱਖਾਂ ਲੋਕ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਆਫ਼ਤ ਪ੍ਰਬੰਧਨ ਕੇਂਦਰ ਦੇ ਅਨੁਸਾਰ ਸ਼ਨੀਵਾਰ ਸਵੇਰ ਤੱਕ ਮੌਤਾਂ ਦੀ ਅਧਿਕਾਰਤ ਗਿਣਤੀ ਵੱਧ ਕੇ 123 ਹੋ ਗਈ ਹੈ, ਜਦਕਿ 130 ਲੋਕ ਹਾਲੇ ਲਾਪਤਾ ਹਨ। ਅਧਿਕਾਰੀਆਂ ਨੇ ਚਿਤਾਵਨੀ ਦਿੱਤੀ ਹੈ ਕਿ ਤੂਫ਼ਾਨ ਪ੍ਰਭਾਵਿਤ ਇਲਾਕਿਆਂ ਵਿੱਚ ਸੰਚਾਰ ਠੱਪ ਹੋਣ ਕਾਰਨ ਮੌਤਾਂ ਦੀ ਗਿਣਤੀ ਹੋਰ ਵੀ ਜ਼ਿਆਦਾ ਹੋਣ ਦੀ ਸੰਭਾਵਨਾ ਹੈ। ਇਸ ਸੰਕਟ ਦੀ ਸਥਿਤੀ ਦੇ ਮੱਦੇਨਜ਼ਰ ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਇਕੇ ਨੇ ਜਨਤਕ ਸੁਰੱਖਿਆ ਅਤੇ ਤੇਜ਼ੀ ਨਾਲ ਰਾਹਤ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਤੁਰੰਤ ਪ੍ਰਭਾਵ ਨਾਲ 'ਜਨਤਕ ਐਮਰਜੈਂਸੀ ਦੀ ਸਥਿਤੀ' ਦਾ ਐਲਾਨ ਕਰ ਦਿੱਤਾ ਹੈ। ਇਹ ਫੈਸਲਾ ਵਿਰੋਧੀ ਨੇਤਾਵਾਂ ਅਤੇ ਡਾਕਟਰਾਂ ਦੀਆਂ ਟਰੇਡ ਯੂਨੀਅਨਾਂ ਦੀਆਂ ਮੰਗਾਂ ਤੋਂ ਬਾਅਦ ਲਿਆ ਗਿਆ ਹੈ। ਮੌਸਮ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਭਾਵੇਂ ਚੱਕਰਵਾਤ 'ਦਿਤਵਾ' ਸ਼੍ਰੀਲੰਕਾ ਤੋਂ ਦੱਖਣੀ ਭਾਰਤੀ ਤੱਟ ਵੱਲ ਵਧ ਗਿਆ ਹੈ, ਫਿਰ ਵੀ ਪੱਛਮੀ ਅਤੇ ਸਾਬਰਾਗਮੁਵਾ ਪ੍ਰਾਂਤਾਂ ਵਿੱਚ 50 ਮਿਲੀਮੀਟਰ ਤੋਂ ਵੱਧ ਭਾਰੀ ਬਾਰਿਸ਼ ਦਾ ਅਸਿੱਧਾ ਪ੍ਰਭਾਵ ਕੁਝ ਸਮੇਂ ਲਈ ਬਣਿਆ ਰਹੇਗਾ। ਦੇਸ਼ ਦੇ ਆਸ-ਪਾਸ ਸਮੁੰਦਰਾਂ ਵਿੱਚ ਹਵਾ ਦੀ ਗਤੀ 60-70 ਕਿਲੋਮੀਟਰ ਪ੍ਰਤੀ ਘੰਟਾ ਤੱਕ ਵਧਣ ਦੀ ਉਮੀਦ ਹੈ ਅਤੇ ਮਛੇਰਿਆਂ ਨੂੰ ਸ਼ਨੀਵਾਰ ਨੂੰ ਸਮੁੰਦਰੀ ਗਤੀਵਿਧੀਆਂ ਤੋਂ ਬਚਣ ਦੀ ਸਲਾਹ ਦਿੱਤੀ ਗਈ ਹੈ। ਐਤਵਾਰ ਦੇਰ ਸ਼ਾਮ ਤੱਕ ਮੌਸਮ ਦੇ ਆਮ ਹੋ ਜਾਣ ਦੀ ਸੰਭਾਵਨਾ ਹੈ। ਸ਼੍ਰੀਲੰਕਾ 'ਤੇ ਆਏ ਹੋਏ ਇਸ ਔਖੇ ਸਮੇਂ ਵਿੱਚ ਭਾਰਤ ਨੇ 'ਆਪ੍ਰੇਸ਼ਨ ਸਾਗਰ ਬੰਧੂ' ਤਹਿਤ ਤੁਰੰਤ ਉੱਥੇ ਮਨੁੱਖੀ ਸਹਾਇਤਾ ਭੇਜੀ ਹੈ। ਭਾਰਤੀ ਹਵਾਈ ਸੈਨਾ ਦੇ ਜਹਾਜ਼ਾਂ ਨੇ ਸ਼ਨੀਵਾਰ ਨੂੰ ਕੋਲੰਬੋ ਲਈ ਕੁੱਲ 21 ਟਨ ਰਾਹਤ ਸਮੱਗਰੀ (ਜਿਸ ਵਿੱਚ ਤੰਬੂ, ਤਰਪਾਲਾਂ ਤੇ ਖਾਣ-ਪੀਣ ਦੀਆਂ ਵਸਤੂਆਂ ਸ਼ਾਮਲ ਹਨ) ਦੇ ਨਾਲ-ਨਾਲ 80 ਤੋਂ ਵੱਧ NDRF ਕਰਮਚਾਰੀ ਅਤੇ 8 ਟਨ ਉਪਕਰਣ ਪਹੁੰਚਾਏ। ਇਸ ਤੋਂ ਇਲਾਵਾ, ਆਈ.ਐੱਨ.ਐੱਸ. ਵਿਕਰਾਂਤ ਤੋਂ ਦੋ ਚੇਤਕ ਹੈਲੀਕਾਪਟਰ, ਜਿਨ੍ਹਾਂ ਵਿੱਚ ਸ਼੍ਰੀਲੰਕਾਈ ਹਵਾਈ ਸੈਨਾ ਦੇ ਕਰਮਚਾਰੀ ਵੀ ਸ਼ਾਮਲ ਹਨ, ਖੋਜ ਅਤੇ ਬਚਾਅ ਕਾਰਜਾਂ ਵਿੱਚ ਹਿੱਸਾ ਲੈ ਰਹੇ ਹਨ। ਸ਼੍ਰੀਲੰਕਾ ਦੇ ਵਿਦੇਸ਼ ਮੰਤਰੀ ਵਿਜਿਤਾ ਹੇਰਾਥ ਸਮੇਤ ਕਈ ਨੇਤਾਵਾਂ ਨੇ ਇਸ ਸਹਾਇਤਾ ਲਈ ਭਾਰਤ ਦਾ ਧੰਨਵਾਦ ਕੀਤਾ ਹੈ। ਭਾਰਤੀ ਹਾਈ ਕਮਿਸ਼ਨ ਨੇ ਲੋੜਵੰਦ ਯਾਤਰੀਆਂ ਲਈ ਕੋਲੰਬੋ ਦੇ ਬੰਦਰਾਨਾਇਕੇ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਇੱਕ 'ਐਮਰਜੈਂਸੀ ਹੈਲਪ ਡੈਸਕ' ਵੀ ਸਥਾਪਿਤ ਕੀਤਾ ਹੈ।



## ਰਾਜਾ ਵੜਿੰਗ ਤੋਂ ਖੁੱਸੇਗੀ ਪ੍ਰਧਾਨਗੀ ਦੀ ਕੁਰਸੀ ? ਕਾਂਗਰਸ ਦੇ ਮਸਲੇ ਹੱਲ ਕਰਨ ਲਈ ਚੰਨੀ ਬਣੇ ਦਾਅਵੇਦਾਰ !

**ਚੰਡੀਗੜ੍ਹ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਉਪ ਚੋਣ ਵਿੱਚ ਉਨ੍ਹਾਂ ਦੀ ਜ਼ਮਾਨਤ ਜ਼ਬਤ ਹੋਣ ਤੋਂ ਬਾਅਦ ਪੰਜਾਬ ਕਾਂਗਰਸ ਵਿੱਚ ਧੜੇਬੰਦੀ ਤੇਜ਼ ਹੋ ਗਈ ਹੈ। ਅਟਕਲਾਂ ਜ਼ੋਰਾਂ 'ਤੇ ਹਨ ਕਿ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਜਨਵਰੀ ਦੇ ਪਹਿਲੇ ਹਫ਼ਤੇ ਪਾਰਟੀ ਪ੍ਰਧਾਨ ਦੇ ਅਹੁਦੇ ਤੋਂ ਹਟਾ ਦਿੱਤਾ ਜਾਵੇਗਾ। ਇਸ ਦੀ ਖ਼ਬਰ ਮਿਲਦਿਆਂ ਹੀ, ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਤੋਂ ਸੰਸਦ ਮੈਂਬਰ ਚਰਨਜੀਤ ਚੰਨੀ ਨੇ ਕਾਂਗਰਸ ਨੂੰ ਇਕਜੁੱਟ ਕਰਨ ਦਾ ਦਾਅਵਾ ਪੇਸ਼ ਕੀਤਾ ਹੈ। ਚੰਨੀ ਨੇ ਆਪਣੇ ਪੁੱਤਰ ਦੇ ਜਨਮਦਿਨ ਲਈ ਸਾਰੇ ਕਾਂਗਰਸੀ ਆਗੂਆਂ ਨੂੰ ਆਪਣੇ ਘਰ ਸੱਦਾ ਦਿੱਤਾ ਸੀ। ਇਸ ਤੋਂ ਬਾਅਦ, ਚੰਨੀ ਨੇ ਸੋਸ਼ਲ ਮੀਡੀਆ 'ਤੇ "ਯੂਨਾਈਟਿਡ ਕਾਂਗਰਸ" ਸਿਰਲੇਖ ਵਾਲਾ ਇੱਕ ਵੀਡੀਓ ਜਾਰੀ ਕੀਤਾ, ਜਿਸ ਵਿੱਚ ਉਹ ਹਰ ਸੀਨੀਅਰ ਕਾਂਗਰਸੀ ਆਗੂ ਨਾਲ ਮੁਲਾਕਾਤ ਕਰਦੇ ਦਿਖਾਈ ਦੇ ਰਹੇ ਹਨ। ਭਾਵੇਂ ਚਰਨਜੀਤ ਚੰਨੀ ਦਾ ਧੜਾ ਮੁੱਖ ਮੰਤਰੀ ਅਮਰਿੰਦਰ ਰਾਜਾ ਵੜਿੰਗ ਤੋਂ ਵੱਖਰੇ ਤੌਰ 'ਤੇ ਕੰਮ ਕਰਦਾ ਹੈ, ਪਰ ਉਹ ਵੜਿੰਗ ਦੇ ਵਿਰੋਧੀ, ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਦਾ ਵੀ ਖੁੱਲ੍ਹ ਕੇ ਸਮਰਥਨ ਕਰਦਾ ਹੈ। ਹਾਲਾਂਕਿ, ਜਦੋਂ ਚੰਨੀ ਨੇ ਆਪਣੇ ਪੁੱਤਰ ਦੇ ਜਨਮਦਿਨ 'ਤੇ ਆਪਣੇ ਘਰ ਇੱਕ ਪਾਰਟੀ ਦੀ ਮੇਜ਼ਬਾਨੀ ਕੀਤੀ, ਤਾਂ ਉਸਨੇ ਰਾਜਾ ਵੜਿੰਗ ਨੂੰ ਆਪਣੇ ਨਾਲ ਸੱਦਾ ਦਿੱਤਾ। ਜਦੋਂ ਵੜਿੰਗ ਪਹੁੰਚੇ, ਤਾਂ ਉਸਨੇ ਉਸਨੂੰ ਗਰਮਜੋਸ਼ੀ ਨਾਲ ਗਲੇ ਵੀ ਲਗਾਇਆ।ਚੰਨੀ ਦਾ ਹਾਈਕਮਾਂਡ ਨੂੰ ਸਿੱਧਾ ਸੁਨੇਹਾ ਹੈ ਕਿ ਜੇਕਰ ਉਸਨੂੰ ਮੁਖੀ ਨਿਯੁਕਤ ਕੀਤਾ ਜਾਂਦਾ ਹੈ, ਤਾਂ ਉਹ 2027 ਤੋਂ ਪਹਿਲਾਂ ਧੜੇਬੰਦੀ ਨਾਲ ਜੂਝ ਰਹੀ ਕਾਂਗਰਸ ਨੂੰ ਦੁਬਾਰਾ ਇੱਕਜੁੱਟ ਕਰ ਸਕਦੇ ਹਨ। ਉਹ ਪਹਿਲਾਂ ਹੀ ਮੋਰਿੰਡਾ ਵਿੱਚ ਆਪਣੇ ਘਰ ਵਿੱਚ ਹੋਏ ਇੱਕ ਸਮਾਗਮ ਵਿੱਚ ਇਸਦਾ ਪ੍ਰਦਰਸ਼ਨ ਕਰ ਚੁੱਕੇ ਹਨ। ਕਾਂਗਰਸ, ਜਿਸਨੇ 2027 ਵਿੱਚ 'ਆਪ' ਨੂੰ ਹਰਾਉਣ ਦਾ ਦਾਅਵਾ ਕੀਤਾ ਸੀ, ਤਰਨਤਾਰਨ ਉਪ ਚੋਣ ਵਿੱਚ ਨਾ ਸਿਰਫ ਆਪਣੀ ਜ਼ਮਾਨਤ ਗੁਆ ਦਿੱਤੀ ਬਲਕਿ ਚੌਥੇ ਸਥਾਨ 'ਤੇ ਵੀ ਰਹੀ। ਰਾਜਾ ਵੜਿੰਗ ਵੱਲੋਂ ਸਾਬਕਾ ਕੇਂਦਰੀ ਮੰਤਰੀ ਬੂਟਾ ਸਿੰਘ ਵਿਰੁੱਧ ਕੀਤੀਆਂ ਗਈਆਂ ਅਪਮਾਨਜਨਕ ਟਿੱਪਣੀਆਂ ਅਤੇ ਸਿੱਖ ਬੱਚਿਆਂ ਦੇ ਵਾਲਾਂ ਨਾਲ ਛੇੜਛਾੜ ਕਰਨ ਵਰਗੀਆਂ ਉਨ੍ਹਾਂ ਦੀਆਂ ਕਾਰਵਾਈਆਂ ਨੂੰ ਇਸ ਹਾਰ ਦਾ ਇੱਕ ਵੱਡਾ ਕਾਰਨ ਮੰਨਿਆ ਗਿਆ। ਯਾਦ ਕਰਵਾ ਦਈਏ ਕਿ ਨਵਜੋਤ ਸਿੱਧੂ, ਜੋ 2022 ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਸਨ, ਨੇ ਵੀ ਮੁੱਖ ਮੰਤਰੀ ਅਹੁਦੇ ਲਈ ਆਪਣਾ ਦਾਅਵਾ ਜਤਾਇਆ ਸੀ। ਚੰਨੀ ਉਸ ਸਮੇਂ ਮੁੱਖ ਮੰਤਰੀ ਸਨ। ਇਹ ਇੱਕ ਵੱਡਾ ਮੁੱਦਾ ਬਣ ਗਿਆ, ਜਿਸ ਨਾਲ ਕਾਂਗਰਸੀ ਮੈਂਬਰਾਂ ਨੂੰ ਦੋ ਧੜਿਆਂ ਵਿੱਚ ਵੰਡ ਦਿੱਤਾ ਗਿਆ। ਇੱਕ ਲੰਬੇ ਡਰਾਮੇ ਤੋਂ ਬਾਅਦ, ਰਾਹੁਲ ਗਾਂਧੀ ਨੇ ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨ ਦਿੱਤਾ, ਪਰ ਸਿੱਧੂ ਨੇ ਸੂਬੇ ਭਰ ਵਿੱਚ ਪ੍ਰਚਾਰ ਨਹੀਂ ਕੀਤਾ। ਕਾਂਗਰਸ ਨੂੰ ਕਰਾਰੀ ਹਾਰ ਦਾ ਸਾਹਮਣਾ ਕਰਨਾ ਪਿਆ। ਜੇਕਰ ਰਾਜਾ ਵੜਿੰਗ ਪ੍ਰਧਾਨ ਰਹਿੰਦੇ ਨੇ ਤਾਂ ਚੰਨੀ ਦੁਬਾਰਾ ਉਸੇ ਸਥਿਤੀ ਦਾ ਸਾਹਮਣਾ ਨਹੀਂ ਕਰਨਾ ਚਾਹੁੰਦਾ। ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੁਆਰਾ ਵਰਤਿਆ ਗਿਆ ਫਾਰਮੂਲਾ ਹੈ। 2002, 2012 ਅਤੇ 2017 ਵਿੱਚ, ਕਾਂਗਰਸ ਨੇ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਹੇਠ ਚੋਣਾਂ ਲੜੀਆਂ। ਇਸ ਤੋਂ ਬਾਅਦ, ਕੈਪਟਨ ਅਮਰਿੰਦਰ ਸਿੰਘ ਨੇ 2007 ਅਤੇ 2017 ਵਿੱਚ ਜਿੱਤਾਂ ਦਾ ਸਿਹਰਾ ਆਪਣੇ ਸਿਰ ਲੈਂਦਿਆਂ ਮੁੱਖ ਮੰਤਰੀ ਬਣੇ। ਮੁੱਖ ਮੰਤਰੀ ਵਜੋਂ ਆਪਣੇ ਕਾਰਜਕਾਲ ਦੌਰਾਨ, ਕੈਪਟਨ ਅਮਰਿੰਦਰ ਸਿੰਘ ਨੇ ਪ੍ਰਤਾਪ ਸਿੰਘ ਬਾਜਵਾ ਸਮੇਤ ਕਿਸੇ ਹੋਰ ਆਗੂ ਨੂੰ ਆਪਣੇ ਬਰਾਬਰ ਖੜ੍ਹਾ ਨਹੀਂ ਹੋਣ ਦਿੱਤਾ।



## ਇਮਰਾਨ ਖਾਨ ਜ਼ਿੰਦਾ ਹਨ ਪਰ ਦੇਸ਼ ਛੱਡਣ ਲਈ ਪਾਇਆ ਜਾ ਰਿਹਾ ਦਬਾਅ, PTI ਦੇ ਸੰਸਦ ਮੈਂਬਰ ਦਾ ਵੱਡਾ ਦਾਅਵਾ

**ਇਸਲਾਮਾਬਾਦ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਤਹਰੀਕ-ਏ-ਇਨਸਾਫ ਦੇ ਸੰਸਦ ਮੈਂਬਰ ਖੁਰਮ ਜ਼ੀਸ਼ਾਨ ਨੇ ਇਮਰਾਨ ਖਾਨ ਦੀ ਮੌਤ ਬਾਰੇ ਫੈਲ ਰਹੀਆਂ ਅਫਵਾਹਾਂ ਨੂੰ ਸਖ਼ਤੀ ਨਾਲ ਰੱਦ ਕਰ ਦਿੱਤਾ ਹੈ। ਉਨ੍ਹਾਂ ਨੇ ਦੱਸਿਆ ਕਿ ਸਾਬਕਾ ਪਾਕਿਸਤਾਨੀ ਪ੍ਰਧਾਨ ਮੰਤਰੀ ਇਮਰਾਨ ਖਾਨ ਜ਼ਿੰਦਾ ਹਨ ਅਤੇ ਇਸ ਵੇਲੇ ਅਦਿਅਲਾ ਜੇਲ੍ਹ ਵਿੱਚ ਕੈਦ ਹਨ। ਜ਼ੀਸ਼ਾਨ ਮੁਤਾਬਕ, ਖਾਨ ਨੂੰ ਪਿਛਲੇ ਇੱਕ ਮਹੀਨੇ ਤੋਂ ਅਲੱਗ ਇਕਾਂਤਵਾਸ ਵਿੱਚ ਰੱਖਿਆ ਗਿਆ ਹੈ, ਜਿਸਦਾ ਮਕਸਦ ਉਨ੍ਹਾਂ 'ਤੇ ਦਬਾਅ ਬਣਾਉਣਾ ਹੈ ਤਾਂ ਜੋ ਉਹ ਦੇਸ਼ ਛੱਡਣ ਲਈ ਮਜਬੂਰ ਹੋ ਜਾਣ। ਖੁਰਮ ਜ਼ੀਸ਼ਾਨ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਕਿਹਾ ਕਿ ਸਰਕਾਰ ਇਮਰਾਨ ਖਾਨ ਦੀ ਲੋਕਪ੍ਰਿਯਤਾ ਤੋਂ ਡਰੀ ਹੋਈ ਹੈ, ਜਿਸ ਕਾਰਨ ਉਹ ਉਨ੍ਹਾਂ ਦੀ ਕੋਈ ਵੀ ਤਸਵੀਰ ਜਾਂ ਵੀਡੀਓ ਜਾਰੀ ਨਹੀਂ ਹੋਣ ਦੇ ਰਹੀ। ਇਸਦੇ ਨਾਲ ਹੀ, ਖਾਨ ਦੀਆਂ ਭੈਣਾਂ ਨੂੰ ਵੀ ਲਗਭਗ ਇੱਕ ਮਹੀਨੇ ਤੋਂ ਉਨ੍ਹਾਂ ਨਾਲ ਮਿਲਣ ਨਹੀਂ ਦਿੱਤਾ ਜਾ ਰਿਹਾ, ਹਾਲਾਂਕਿ ਅਦਾਲਤ ਵੱਲੋਂ ਇਸ ਲਈ ਆਦੇਸ਼ ਵੀ ਜਾਰੀ ਹੋ ਚੁੱਕੇ ਹਨ। ਇਸ ਹਫਤੇ ਦੀ ਸ਼ੁਰੂਆਤ ਵਿਚ ਸੋਸ਼ਲ ਮੀਡੀਆ 'ਤੇ ਅਫਗਾਨਿਸਤਾਨ ਦੇ ਕਈ ਹੈਂਡਲਾਂ ਤੋਂ ਇਮਰਾਨ ਖਾਨ ਦੀ ਮੌਤ ਦੀਆਂ ਝੂਠੀਆਂ ਖਬਰਾਂ ਫੈਲਾਈਆਂ ਗਈਆਂ ਸਨ, ਪਰ ਜ਼ੀਸ਼ਾਨ ਨੇ ਸਪੱਸ਼ਟ ਕੀਤਾ ਕਿ ਉਹ ਸੁਰੱਖਿਅਤ ਹਨ। ਸੈਨੇਟਰ ਨੇ ਇਹ ਵੀ ਦਾਅਵਾ ਕੀਤਾ ਕਿ ਪਾਕਿਸਤਾਨੀ ਹਕੂਮਤ ਇਮਰਾਨ ਖਾਨ ਨਾਲ ਇੱਕ "ਸੌਦਾ" ਕਰਨ ਦੀ ਕੋਸ਼ਿਸ਼ ਕਰ ਰਹੀ ਹੈ—ਉਨ੍ਹਾਂ ਨੂੰ ਦੇਸ਼ ਛੱਡਣ ਅਤੇ ਚੁੱਪ ਰਹਿਣ ਦਾ ਦਬਾਅ ਬਣਾਇਆ ਜਾ ਰਿਹਾ ਹੈ ਅਤੇ ਬਦਲੇ ਵਿੱਚ ਛੋਟਾਂ ਦੇਣ ਦੀ ਪੇਸ਼ਕਸ਼ ਕੀਤੀ ਜਾ ਰਹੀ ਹੈ। ਪਰ ਜ਼ੀਸ਼ਾਨ ਦੇ ਅਨੁਸਾਰ, ਇਮਰਾਨ ਖਾਨ ਇਸ ਤਰ੍ਹਾਂ ਦੇ ਕਿਸੇ ਵੀ ਸਮਝੌਤੇ ਨੂੰ ਮੰਨਣ ਵਾਲੇ ਨਹੀਂ ਹਨ। ਇਸ ਸਭ ਦੇ ਬਾਵਜੂਦ, ਇਮਰਾਨ ਖਾਨ ਦੀ ਲੋਕਪ੍ਰਿਯਤਾ ਵਧਦੀ ਜਾ ਰਹੀ ਹੈ। PTI ਦੀ ਪਕੜ ਜਵਾਨ ਪੀੜ੍ਹੀ ਵਿੱਚ ਹੋਰ ਮਜ਼ਬੂਤ ਹੋ ਰਹੀ ਹੈ ਅਤੇ ਉਨ੍ਹਾਂ ਦੀ ਵਿਚਾਰਧਾਰਾ ਪਾਕਿਸਤਾਨ ਦੇ ਕਈ ਵਰਗਾਂ ਵਿੱਚ ਫੈਲ ਰਹੀ ਹੈ। ਜ਼ੀਸ਼ਾਨ ਨੇ ਕਿਹਾ ਕਿ ਹਕੂਮਤ ਇਸ ਕਦਰ ਡਰੀ ਹੋਈ ਹੈ ਕਿ ਇਮਰਾਨ ਖਾਨ ਦੀ ਇੱਕ ਤਸਵੀਰ ਵੀ ਜਨਤਾ ਵਿੱਚ ਵੱਡੀ ਲਹਿਰ ਪੈਦਾ ਕਰ ਸਕਦੀ ਹੈ, ਇਸ ਲਈ ਉਹ ਕਿਸੇ ਵੀ ਵਿਜ਼ੂਅਲ ਨੂੰ ਜਾਰੀ ਨਹੀਂ ਹੋਣ ਦੇ ਰਹੀ।



**ਸੱਦਾ ਪੱਤਰ**

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸ਼ੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ★ ਗੁਰਦੁਆਰਾ ਸਾਹਿਬ ਦਾ ਪਤਾ ★----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ★ ਸਤਿਗੁਰੂ ਦੇ ਭਾਣੇ ਵਿੱਚ ★--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV



# ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ।
# ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

## 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ



# ਗੁਰਮਤਿ ਸਮਾਗਮ

**GURU NANAK GURDWARA WILLENHALL 65-67 WALSAL ROAD (WV13 2RD)**

**30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ**



ਭਾਈ ਅੰਮ੍ਰਿਤਪਾਲ ਸਿੰਘ ਢੱਪਈ
(3:30 ਵਜੇ)



ਭਾਈ ਕਮਲਜੀਤ ਸਿੰਘ ਜੀ
ਹਜੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ
(4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋ 6:00 ਵਜੇ ਤੱਕ ਹੋਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ




ਪੰਥ ਪ੍ਰਸਿੱਧ ਕਵੀਸ਼ਰੀ ਜਥਾ
ਜਾਗੋਵਾਲਾ ਜਥਾ
(6 ਵਜੇ)



ਭਾਈ ਜਗਤਾਰ ਸਿੰਘ ਜੀ
ਹਜੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ
(7 ਵਜੇ)

ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ

ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204



## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ

## VEG & NON-VEG INDIAN

WE CATER FOR ★★★★★









## SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

**ALLERGY ADVICE !!**

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV





# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway Crossing, Maqsudan
Jalandhar-144 008

**Contact :**
**98150-83338**
**70879-59639**




ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਸ਼ਹੀਦੀ ਦਿਹਾੜੇ 22/23 ਨਵੰਬਰ 25 ਮੰਗਲਵਾਰ 28/29/30 ਨਵੰਬਰ 2025 ਨੂੰ ਸਮਰਪਿਤ ਦੀਵਾਨ ਸਜਣਗੇ।

ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

ਸ਼ਨਿੱਚਰਵਾਰ 22 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 23 ਨਵੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਇੰਦਰਜੀਤ ਸਿੰਘ ਬੁੱਟਰ ਸਰਸੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




### ਅੱਜ 30 ਨਵੰਬਰ ਬਰਸੀ ’ਤੇ ਵਿਸ਼ੇਸ਼

# ਬਾਬਾ ਗੁਰਮੁੱਖ ਸਿੰਘ ਕਾਰਸੇਵਾ ਵਾਲਿਆਂ ਨੂੰ ਯਾਦ ਕਰਦਿਆਂ

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



ਰੱਬੀ ਰੰਗ ਵਿੱਚ ਰੰਗ-ਰਤੜੀਆਂ ਆਤਮਾਵਾਂ ਦੇ ਜੀਵਨ ਦਾ ਅੰਤਿਮ ਨਿਸ਼ਾਨਾ ਮਨੁੱਖਤਾ ਦੇ ਪਰਉਪਕਾਰ ਲਈ ਜੀਵਨ ਬਤੀਤ ਕਰਨਾ ਹੁੰਦਾ ਹੈ ।ਬਾਬਾ ਗੁਰਮੁੱਖ ਸਿੰਘ ਕਾਰਸੇਵਾ ਵਾਲਿਆਂ ਦਾ ਜੀਵਨ ਇਸ ਗੱਲ ਦੀ ਪ੍ਰਤੱਖ ਉਦਾਹਰਣ ਹੈ । ਜਿਨ੍ਹਾਂ ਕਾਰਸੇਵਾ ਦੇ ਨਾਂਅ ਉੱਪਰ ਕਦਾਚਿਤ ਵੀ ਕਿਸੇ ਸ਼ਰਧਾਲੂ ਤੋਂ ਕੁਝ ਨਹੀਂ ਸੀ ਮੰਗਿਆ, ਉਨ੍ਹਾਂ ਵੱਲੋਂ ਕਾਰਸੇਵਾ ਸੇਵਾ ਦੇ ਖੇਤਰ ਵਿੱਚ ਕੀਤੇ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਸ਼ਰਧਾਲੂ ਸਵੈ-ਇੱਛਾ ਨਾਲ ਹੀ ਸੇਵਾ ਵਿੱਚ ਯੋਗਦਾਨ ਪਾਉਂਦੇ ਸਨ ।ਅਜੋਕੇ ਸਮੇਂ ਵਿੱਚ ਅਜਿਹੇ ਵਿਰਲੇ ਇਨਸਾਨ ਉਂਗਲਾਂ ‘ਤੇ ਗਿਣਨ ਯੋਗ ਹੋਣਗੇ ।ਇਕ ਨਿਸ਼ਠਾਵਾਨ ਕਾਰਸੇਵਕ, ਬੇਲਾਗ, ਬੇਦਾਗ, ਰੱਬੀ ਰੂਹ ਬਾਬਾ ਗੁਰਮੁੱਖ ਸਿੰਘ ਦਾ ਜਨਮ 1849 ਈ: ਵਿੱਚ ਪਟਿਆਲਾ ਰਿਆਸਤ ਦੇ ਦਿਆਲਗੜ੍ਹ ਬੂੜੀਆ ਨਾਂਅ ਦੇ ਪਿੰਡ ਵਿੱਚ ਭਾਈ ਕਰਮ ਸਿੰਘ ਦੇ ਘਰ ਮਾਤਾ ਗੁਰਦੇਈ ਦੀ ਕੁੱਖ ਤੋਂ ਹੋਇਆ ।ਉਸ ਸਮੇਂ ਗੁਰੂ ਘਰਾਂ ਦੀਆਂ ਇਮਾਰਤਾਂ ਵਧੇਰੇ ਕਰਕੇ ਕੱਚੀਆਂ ਸਨ ।ਸੰਗਤ ਲਈ ਸੁੱਖ ਸਹੂਲਤਾਂ ਦੀ ਘਾਟ ਵੀ ਤਕਰੀਬਨ ਹਰ ਗੁਰੂ ਘਰ ਵਿੱਚ ਹੀ ਸੀ ।ਜਨਮ ਤੋਂ ਹੀ ਇਨ੍ਹਾਂ ਦੇ ਹਿਰਦੇ ਵਿੱਚ ਆਪਣੇ ਸਾਧੂ ਸੁਭਾਅ ਪਿਤਾ ਤੋਂ ਗੁਰਬਾਣੀ ਪੜ੍ਹਨ ਅਤੇ ਵਿਚਾਰਨ ਦੇ ਸੰਸਕਾਰ ਬਣਨੇ ਸ਼ੁਰੂ ਹੋ ਗਏ ।ਜਵਾਨੀ ਦੇ ਦਿਨਾਂ ਵਿੱਚ ਆਪ ਨੇ ਪਟਿਆਲਾ ਰਿਆਸਤ ਦੇ ਫ਼ੀਲ ਖਾਨੇ ਦੀ ਨੌਕਰੀ ਕੀਤੀ, ਬਾਅਦ ਵਿੱਚ ਉਸ ਸਮੇਂ ਦੀ ਅੰਗ੍ਰੇਜ਼ੀ ਫੌਜ ਵਿੱਚ ਭਰਤੀ ਹੋ ਗਏ ।ਪਰ ਇਨਸਾਨੀਅਤ ਦੀ ਸੇਵਾ ਤੇ ਪਰਉਪਕਾਰੀ ਸੁਭਾਅ ਕਾਰਨ ਫੌਜ ਵਿੱਚ ਮਨ ਨਾ ਲੱਗਾ ।ਉਥੋਂ ਅਸਤੀਫਾ ਦੇ ਕੇ ਪਟਿਆਲਾ ਤੋਂ ਕੁਝ ਦੂਰੀ ‘ਤੇ ਇਕ ਬੀਆਵਾਨ ਥਾਂ ‘ਤੇ ਪ੍ਰਭੂ ਦੇ ਚਿੰਤਨ ਵਿੱਚ ਜੁੱਟ ਗਏ ।12 ਸਾਲ ਤੱਕ ਗੁਰਬਾਣੀ ਸ਼ਬਦ ਦੀ ਅਰਾਧਨਾ ਕਰਨ ਤੋਂ ਪਿੱਛੋਂ ਮਨ ਪੂਰੀ ਤਰ੍ਹਾਂ ਸਾਧਿਆ ਗਿਆ ।ਆਪਣੇ ਨਾਲ ਪਿਆਰ ਕਰਨ ਵਾਲੀਆਂ ਸਿੱਖ ਸੰਗਤਾਂ ਨਾਲ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੀ ਯਾਤਰਾ ਕੀਤੀ ।1903 ਈ: ਵਿੱਚ ਅੰਮ੍ਰਿਤਸਰ ਜਾ ਕੇ ਸ੍ਰੀ ਹਰਿਮੰਦਰ ਸਾਹਿਬ ਦੇ ਮਲਵਈ ਬੁੰਗੇ ਵਿੱਚ ਜਾ ਆਸਣ ਲਾਇਆ ।ਉਥੇ ਹੀ ਸ੍ਰੀ ਦਰਬਾਰ ਸਾਹਿਬ ਦੇ ਉੱਘੇ ਕੀਰਤਨੀਏ ਭਾਈ ਸ਼ਾਮ ਸਿੰਘ ਦੀ ਸੰਗਤ ਮਿਲੀ ।ਇਨ੍ਹਾਂ ਦੇ ਨਿੱਜੀ ਜੀਵਨ ਤੋਂ ਅਜਿਹੀ ਸਿੱਖਿਆ ਮਿਲੀ, ਜਿਸ ਨਾਲ ਅਕਾਲ ਪੁਰਖ ਵਾਹਿਗੁਰੂ ਦੀ ਬੰਦਗੀ ਤੋਂ ਇਲਾਵਾ ਆਪਣੇ ਜੀਵਨ ਦਾ ਨਿਸ਼ਾਨਾ ਕੇਵਲ ਗੁਰੂ ਘਰ ਦੀ ਨਿਸ਼ਕਾਮ ਸੇਵਾ ਬਣ ਗਿਆ ।

ਅੰਮ੍ਰਿਤ ਵੇਲੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪਵਿੱਤਰ ਸਰੋਵਰ ਦੀਆਂ ਪੌੜੀਆਂ ਦੀ ਸਫ਼ਾਈ ਤੋਂ ਨਿੱਤ ਦਾ ਜੀਵਨ ਆਰੰਭ ਹੁੰਦਾ ਸੀ ।1914 ਈ: ਵਿੱਚ ਕਾਰਸੇਵਾ ਨੂੰ ਆਪਣੇ ਜੀਵਨ ਦਾ ਅਹਿਮ ਅੰਗ ਸਮਝ ਕੇ ਸੇਵਾ ਆਰੰਭੀ ।ਸਭ ਤੋਂ ਪਹਿਲਾਂ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪੰਜਾਂ ਸਰੋਵਰਾਂ ਵਿੱਚੋਂ ਸੰਤੋਖਸਰ ਸਾਹਿਬ ਦੇ ਸਰੋਵਰ ਦੀ ਕਾਰਸੇਵਾ ਸ਼ੁਰੂ ਕੀਤੀ ।ਫਿਰ ਲਗਾਤਾਰ ਇਹ ਸਿਲਸਿਲਾ ਚੱਲਦਾ ਰਿਹਾ ।1923 ਤੋਂ 1928 ਤੱਕ ਆਪ ਨੇ ਸ੍ਰੀ ਦਰਬਾਰ ਸਾਹਿਬ ਤਰਨਤਾਰਨ ਸਾਹਿਬ ਦੇ ਸਰੋਵਰ ਦੀ ਸਫ਼ਾਈ, ਪੌੜੀਆਂ ਬਨਾਉਣ ਅਤੇ ਪਵਿੱਤਰ ਸਰੋਵਰ ਲਈ ਨਿਰੰਤਰ ਜਲ ਦੀ ਤਾਜ਼ਾ ਸਪਲਾਈ ਲਈ ਹੰਸਲੀ ਦੀ ਸੇਵਾ ਆਰੰਭੀ ।ਇਸ ਸ਼ਲਾਘਾਯੋਗ ਕਾਰਜ ਦੀ ਹਰ ਪਾਸੇ ਖੂਬ ਪ੍ਰਸ਼ੰਸਾ ਹੋਈ ।ਇਸ ਤੋਂ ਪਿੱਛੋਂ ਇਨ੍ਹਾਂ ਉਦਾਸੀ ਮਹਾਂਪੁਰਸ਼ ਸੰਤ ਪ੍ਰੀਤਮ ਦਾਸ ਅਤੇ ਸੰਤ ਸੰਤੋਖ ਦਾਸ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪਵਿੱਤਰ ਅੰਮ੍ਰਿਤ ਸਰੋਵਰ ਲਈ ਜਲ ਪਹੁੰਚਾਉਣ ਵਾਲੀ ਹੰਸਲੀ ਦਾ ਨਵ-ਨਿਰਮਾਣ ਕਰਵਾਇਆ ।ਅੰਮ੍ਰਿਤਸਰ ਤੋਂ ਬਾਅਦ ਵਿੱਚ ਸ੍ਰੀ ਮੁਕਤਸਰ ਸਾਹਿਬ ਦੇ ਗੁਰਧਾਮ ਦਾ ਨਵ-ਨਿਰਮਾਣ ਕਰਵਾਇਆ, ਫਿਰ ਸ੍ਰੀ ਖਡੂਰ ਸਾਹਿਬ ਦੇ ਗੁਰਦੁਆਰਾ ਤਪਿਆਣਾ ਸਾਹਿਬ ਦੀ ਇਮਾਰਤ ਦੀ ਨਵ-ਉਸਾਰੀ ਕਰਵਾਈ, ਨਾਲ ਹੀ ਪਵਿੱਤਰ ਸਰੋਵਰ ਵੀ ਤਿਆਰ ਕਰਵਾਇਆ ।ਇਸ ਤੋਂ ਬਾਅਦ ਬਾਬਾ ਬਕਾਲਾ ਸਾਹਿਬ ਦੇ ਪਵਿੱਤਰ ਸਰੋਵਰ ਦੀਆਂ ਪੌੜੀਆਂ ਤੋਂ ਇਲਾਵਾ ਪਰਿਕਰਮਾ ਨੂੰ ਵੀ ਪੱਕੇ ਫਰਸ਼ ਵਿੱਚ ਬਦਲਿਆ । ਇਹ ਸਾਰੇ ਕਾਰਜ ਦੇਸ਼ ਦੀ ਆਜ਼ਾਦੀ ਤੋਂ ਪਹਿਲਾਂ ਹੀ ਹੋਏ ।ਉਦੋਂ ਤੱਕ ਆਵਾਜਾਈ, ਸੜਕਾਂ, ਮੋਟਰ-ਗੱਡੀਆਂ ਦੀਆਂ ਸਹੂਲਤਾਂ ਵੀ ਨਾ-ਮਾਤਰ ਹੀ ਹੁੰਦੀਆਂ ਸਨ ।ਸੰਗਤ ਵਿੱਚੋਂ ਮਾਇਕ ਸਹਾਇਤਾ ਵੀ ਬਹੁਤ ਘੱਟ ਆਉਂਦੀ ਸੀ ।

ਆਜ਼ਾਦੀ ਮਿਲਣ ਤੋਂ ਥੋੜ੍ਹਾ ਸਮਾਂ ਪਹਿਲਾਂ ਆਪ ਨੇ ਸ੍ਰੀ ਨਨਕਾਣਾ ਸਾਹਿਬ ਵਿਖੇ ਗੁਰਦੁਆਰਾ ਬਾਲ-ਲੀਲਾ ਅਤੇ ਗੁਰਦੁਆਰਾ ਕਿਆਰਾ ਸਾਹਿਬ ਦੀਆਂ ਇਮਾਰਤਾਂ ਦੀ ਨਵਉਸਾਰੀ ਕਰਵਾਈ ।1947 ਈ: ਵਿੱਚ ਜਦੋਂ ਆਪ ਗੁਰੂ ਨਾਨਕ ਸਾਹਿਬ ਦੇ ਜਨਮ-ਅਸਥਾਨ ਦੀ ਨਵੀਂ ਇਮਾਰਤ ਦੀ ਤਿਆਰੀ ਦੀ ਯੋਜਨਾ ਉਲੀਕ ਰਹੇ ਸਨ ਤਾਂ ਬਦਕਿਸਮਤੀ ਨਾਲ ਪੰਜਾਬ ਦੋ ਟੋਟਿਆਂ ਵਿੱਚ ਵੰਡਿਆ ਗਿਆ ।ਸ੍ਰੀ ਨਨਕਾਣਾ ਸਾਹਿਬ ਦੇ ਗੁਰਦੁਆਰਾ ਜਨਮ ਅਸਥਾਨ ਦੀ ਇਮਾਰਤ ਦੀ ਸੇਵਾ ਦੇ ਨਵ-ਨਿਰਮਾਣ ਦੀ ਸੇਵਾ ਨਾ ਕਰਵਾਉਣ ਦੀ ਹਿਰਦੇ ਵੇਦਕ ਘਟਨਾ ਦਾ ਦੁੱਖ, ਦੇਸ਼ ਦੀ ਵੰਡ ਦਾ ਦੁੱਖ, ਭਰੇ-ਭਕੁੰਨੇ ਘਰਾਂ ਨੂੰ ਛੱਡ ਕੇ ਸ਼ਰਨਾਰਥੀ ਬਣ ਜਾਣ ਦੀਆਂ ਅਸਹਿ ਘਟਨਾਵਾਂ ਨੇ ਬਾਬਾ ਜੀ ਦੇ ਦਇਆ, ਨਿਮਰਤਾ ਅਤੇ ਪਰਉਪਕਾਰੀ ਮਨ ‘ਤੇ ਡੂੰਘੀ ਸੱਟ ਮਾਰੀ ।



ਜਦੋਂ ਆਪ ਦੇਸ਼ ਦੀ ਵੰਡ ਤੋਂ ਬਾਅਦ ਅੰਮ੍ਰਿਤਸਰ ਦੀ ਪਵਿੱਤਰ ਧਰਤੀ ‘ਤੇ ਪੁੱਜੇ ਤਾਂ ਸ਼ਰਨਾਰਥੀਆਂ ਦਾ ਹੜ੍ਹ ਵੇਖ ਕੇ ਦਇਆ ਨਾਲ ਭਰਿਆ ਮਨ ਪਸੀਜਿਆ ਗਿਆ, ਭੁੱਖੇ ਭਾਣੇ ਸ਼ਰਨਾਰਥੀਆਂ ਲਈ ਲੰਗਰ ਦੀ ਸੇਵਾ ਆਰੰਭ ਕਰ ਦਿੱਤੀ । ਨਾਲ ਹੀ ਸੋਚ ਰਹੇ ਸਨ ਧੰਨ ਗੁਰੂ ਰਾਮਦਾਸ ਜੀ ਦੇ ਇਸ ਪਾਵਨ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾ ਨੂੰ ਹੋਰ ਖੁੱਲ੍ਹਾ ਕੀਤਾ ਜਾਵੇ ।30 ਨਵੰਬਰ, 1947 ਨੂੰ ਪੰਜਾਬ ਦੇ ਹੋਏ ਦੋ ਟੋਟਿਆਂ ਦੇ ਗ਼ਮ ਅਤੇ ਵਿਛੜੇ ਗੁਰਧਾਮਾਂ ਦੇ ਨਾ ਸਹਾਰੇ ਜਾ ਸਕਣ ਦੇ ਦੁੱਖ ਦੀ ਚੀਸ ਦੌਰਾਨ ਉਨ੍ਹਾਂ ਨੂੰ ਸਦੀਵੀ ਬੁਲਾਵਾ ਆ ਗਿਆ ।ਉਨ੍ਹਾਂ ਦਾ ਸਸਕਾਰ ਅਪਰਬਾਰੀ ਦੁਆਬ ਨਹਿਰ ਦੇ ਕਿਨਾਰੇ ਉਥੇ ਹੀ ਕੀਤਾ ਗਿਆ, ਜਿਥੇ ਉਹ ਆਪਣੀ ਕੁਟੀਆ ਵਿੱਚ ਬਿਰਾਜਦੇ ਸਨ ।ਆਪ ਸੱਚਮੁੱਚ ਹੀ ਸੇਵਾ ਦੀ ਮੂਰਤੀ ਬਣ ਕੇ ਜੀਵੇ।ਅੱਜ ਤਕਰੀਬਨ ਹਰੇਕ ਕਾਰ ਸੇਵਕ ਉਨ੍ਹਾਂ ਨੂੰ ਆਪਣਾ ਪ੍ਰੇਰਨਾ-ਸਰੋਤ ਮੰਨਦਾ ਹੈ ।ਅਨੇਕਾਂ ਕਾਰਸੇਵਾ ਕਰਨ ਵਾਲੀਆਂ ਹਸਤੀਆਂ ਅੱਜ ਉਨ੍ਹਾਂ ਦੀ ਵਿਦਾਈ ਵਾਲੇ ਦਿਨ ਉਨ੍ਹਾਂ ਦੀ ਯਾਦ ਵਿੱਚ ਜੁੜ ਰਹੀਆਂ ਹਨ । ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਸ਼ਹੀਦੀ ਦਿਹਾੜਾ 28/29/30 ਨਵੰਬਰ 2025 ਨੂੰ ਸਮਰਪਿਤ ਦੀਵਾਨ ਸੱਜਣਗੇ

☛ ਸ਼ਹੀਦੀ ਦਿਹਾੜਾ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ। ☛ ਜਨਮ ਦਿਵਸ ਬਾਬਾ ਗੁਰਦਿੱਤਾ ਸਾਹਿਬ ਜੀ। ☛ ਜਨਮ ਦਿਵਸ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਸਾਹਿਬ ਜੀ। ☛ ਅਕਾਲ ਚਲਾਣਾ ਭਾਈ ਮਰਦਾਨਾ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸ਼ੁੱਕਰਵਾਰ 10 ਵਜੇ ਹੋਵੇਗੀ ਅਤੇ ਐਤਵਾਰ 10 ਵਜੇ ਭੋਗ ਪੈਣਗੇ ਇਹ ਸਾਰੀ ਸੇਵਾ ਭਾਈ ਪ੍ਰਗਟ ਸਿੰਘ ਗਿੱਲ ਪਰਿਵਾਰ ਵੱਲੋਂ ਲਈ ਗਈ ਹੈ।

**ਸ਼ੁੱਕਰਵਾਰ ਅਤੇ ਸ਼ਨਿੱਚਰਵਾਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 30 ਨਵੰਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:45 ਤੱਕ ਦੀਵਾਨ ਸੱਜਣਗੇ।

ਕਵੀਸ਼ਰੀ ਜਥਾ ਭਾਈ ਸੈਂਫ ਸਿੰਘ ਇਟਲੀ ਵਾਲੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

### ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਭਾਰਤ ਦੀ ਮੋਦੀ ਸਰਕਾਰ ਦੇ ਅੰਤਰਰਾਸ਼ਟਰੀ ਕਤਲੇਆਮ ਦੇ ਕਾਰਜਾਂ ਦਾ

# ਜਿਨੇਵਾ ਸੰਯੁਕਤ ਰਾਸ਼ਟਰ ਵਿਚ ਸਿਮਰ ਸਿੰਘ ਨੇ ਕੀਤਾ ਪਰਦਾਫਾਸ਼



**ਨਵੀਂ ਦਿੱਲੀ 29 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਬੀਤੇ ਦਿਨ 18ਵੇਂ ਸੰਯੁਕਤ ਰਾਸ਼ਟਰ ਫੋਰਮ ਵਿਖੇ, ਅਮਰੀਕਾ ਦੀ ਸਿੱਖ ਅਸੈਂਬਲੀ ਦੇ ਸਿਮਰ ਸਿੰਘ ਨੇ ਦੁਨੀਆ ਭਰ ਦੇ ਖਾਲਿਸਤਾਨ ਪੱਖੀ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾ ਕੇ ਭਾਰਤ ਦੇ ਅੰਤਰਰਾਸ਼ਟਰੀ ਕਤਲਾਂ ਦਾ ਸਿੱਧਾ ਅਤੇ ਬੇਮਿਸਾਲ ਪਰਦਾਫਾਸ਼ ਕੀਤਾ, ਇਹ ਫੋਰਮਸ਼ਾਂਤੀ-ਨਿਰਮਾਣ, ਜਵਾਬਦੇਹੀ ਅਤੇ ਪਰਿਵਰਤਨਸ਼ੀਲ ਨਿਆਂ 'ਤੇ ਗੱਲਬਾਤ ਕਰਣ ਲਈ ਇਕੱਠਾ ਹੋਇਆ ਸੀ ।ਸੰਯੁਕਤ ਰਾਸ਼ਟਰ ਦੇ ਅਧਿਕਾਰੀਆਂ, ਡਿਪਲੋਮੈਟਾਂ ਅਤੇ ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਸੰਸਥਾਵਾਂ ਨੂੰ ਸੰਬੋਧਨ ਕਰਦੇ ਹੋਏ, ਸਿਮਰ ਸਿੰਘ ਨੇ ਜਨਤਕ ਤੌਰ 'ਤੇ ਭਾਰਤ ਦੇ ਰਾਜ-ਪ੍ਰਯੋਜਿਤ ਕਤਲ ਕਾਰਜਾਂ ਦਾ ਵੇਰਵਾ ਦਿੱਤਾ, ਜਿਸ ਵਿੱਚ ਸ਼ਹੀਦ ਹਰਦੀਪ ਸਿੰਘ ਨਿੱਝਰ (ਕੈਨੇਡਾ) ਦਾ ਕਤਲ ਬਾਰੇ ਦਸਿਆ ਕਿ ਇਹ ਭਾਰਤੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਖੁਫੀਆ ਏਜੰਸੀਆਂ ਨਾਲ ਸਿੱਧੇ ਤੌਰ 'ਤੇ ਜੁੜੇ ਇੱਕ ਨੈੱਟਵਰਕ ਦੁਆਰਾ ਕੈਨੇਡੀਅਨ ਧਰਤੀ 'ਤੇ ਕਤਲ ਕੀਤਾ ਗਿਆ ।ਸ਼ਹੀਦ ਅਵਤਾਰ ਸਿੰਘ ਖੰਡਾ (ਯੂਨਾਈਟਿਡ ਕਿੰਗਡਮ) ਦਾ ਕਤਲ ਭਾਰਤੀ ਏਜੰਸੀਆਂ ਦੁਆਰਾ ਲਗਾਤਾਰ ਨਿਸ਼ਾਨਾ ਬਣਾਉਣ ਅਤੇ ਨਿਗਰਾਨੀ ਕਰਨ ਤੋਂ ਬਾਅਦ ਯੂਕੇ ਦੇ ਇੱਕ ਹਸਪਤਾਲ ਵਿੱਚ ਜ਼ਿਹਰ ਦਿੱਤਾ ਗਿਆ। ਗੁਰਪਤਵੰਤ ਸਿੰਘ ਪੰਨੂ (ਯੂਨਾਈਟਿਡ ਸਟੇਟਸ) ਵਿਰੁੱਧ ਕਿਰਾਏ 'ਤੇ ਕਤਲ ਦੀ ਸਾਜ਼ਿਸ਼ ਰਾਅ-ਨਿਰਦੇਸ਼ਿਤ ਕਤਲ ਦੀ ਸਾਜ਼ਿਸ਼ ਹੁਣ ਯੂਐਸਏ ਬਨਾਮ ਨਿਖਿਲ ਗੁਪਤਾ ਦੇ ਅਮਰੀਕੀ ਸੰਘੀ ਕੇਸ ਵਿੱਚ ਕੇਂਦਰਿਤ ਹੈ।

**ਭਾਰਤ ਦੇ ਸੰਗਠਿਤ ਗਲੋਬਲ ਹਿੱਟ-ਸਕੁਐਡ ਦੀ ਇੱਕ ਸੁਤੰਤਰ, ਅੰਤਰਰਾਸ਼ਟਰੀ ਜਾਂਚ ਸ਼ੁਰੂ ਕਰਨ ਦੀ ਅਪੀਲ**

ਸਿਮਰ ਸਿੰਘ ਨੇ ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਪ੍ਰੀਸ਼ਦ ਅਤੇ ਘੱਟ ਗਿਣਤੀ ਮੁੱਦਿਆਂ 'ਤੇ ਸੰਯੁਕਤ ਰਾਸ਼ਟਰ ਦੇ ਵਿਸ਼ੇਸ਼ ਰਿਪੋਰਟਰ ਨੂੰ ਖਾਲਿਸਤਾਨ ਰੈਫਰੈਂਡਮ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਭਾਰਤ ਦੇ ਸੰਗਠਿਤ ਗਲੋਬਲ ਹਿੱਟ-ਸਕੁਐਡ ਦੀ ਇੱਕ ਸੁਤੰਤਰ, ਅੰਤਰਰਾਸ਼ਟਰੀ ਜਾਂਚ ਸ਼ੁਰੂ ਕਰਨ ਦੀ ਅਪੀਲ ਕੀਤੀ। ਅਮਰੀਕਾ ਦੀ ਸਿੱਖ ਅਸੈਂਬਲੀ ਨੇ ਮੰਗ ਕੀਤੀ ਸੰਯੁਕਤ ਰਾਸ਼ਟਰ ਦੁਆਰਾ ਨਿਰਧਾਰਤ ਸੱਚਾਈ ਅਤੇ ਜਵਾਬਦੇਹੀ ਕਮਿਸ਼ਨ, ਯੂਐਸ ਟ੍ਰਾਂਸਨੈਸ਼ਨਲ ਰਿਪ੍ਰੈਸ਼ਨ ਰਿਪੋਰਟਿੰਗ ਐਕਟ ਦੇ ਮਾਡਲ 'ਤੇ ਸੁਰੱਖਿਆ ਨੂੰ ਵਿਸ਼ਵਵਿਆਪੀ ਰੂਪ ਵਿੱਚ ਅਪਣਾਉਣਾ, ਅਤੇ ਸੱਭਿਆਚਾਰਕ, ਅਕਾਦਮਿਕ ਰਾਜਨੀਤਿਕ ਆਜ਼ਾਦੀਆਂ ਦੀ ਰੱਖਿਆ ਲਈ ਸਿੱਖ ਸੰਸਥਾਵਾਂ ਨਾਲ ਸਿੱਧੇ ਸੰਯੁਕਤ ਰਾਸ਼ਟਰ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾਏ ।

### ਰਣਜੀਤ ਸਿੰਘ ਰੰਧਾਵਾ ਕਾਤਰੋਂ ਦੇ ਹਲਕਾ ਇੰਚਾਰਜ ਬਣਨ 'ਤੇ

# ਧੂਰੀ ਹਲਕੇ 'ਚ ਖੁਸ਼ੀ ਦੀ ਲਹਿਰ



**ਧੂਰੀ ( ਰਣਜੀਤ ਸਿੰਘ )**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਵੀਰ ਸਿੰਘ ਬਾਦਲ ਨੇ ਪਾਰਟੀ ਦੇ ਲਈ ਦਿਨ ਰਾਤ ਮਿਹਨਤ ਕਰਨ ਵਾਲੇ ਉੱਘੇ ਸਮਾਜ ਸੇਵੀ ਸ ਰਣਜੀਤ ਸਿੰਘ ਰੰਧਾਵਾ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਨੂੰ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਧੂਰੀ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਰਣਜੀਤ ਸਿੰਘ ਰੰਧਾਵਾ ਨੂੰ ਹਲਕਾ ਇੰਚਾਰਜ ਬਣਨ ਤੇ ਮੁਬਾਰਕਬਾਦ ਦੇਣ ਵਾਲਿਆਂ ਵਿੱਚ ਗੁਰਬਚਨ ਸਿੰਘ ਘਨੌਰ,ਸਰਪੰਚ ਰਾਜੂ ਰੰਗੀਆਂ, ਜਗਰੂਪ ਸਿੰਘ ਲੱਡਾ ਮੈਂਬਰ ਬਲਾਕ ਸੰਮਤੀ, ਬਿਰਜ ਲਾਲ ਕਾਂਝਲਾ, ਧਰਮਪਾਲ ਧੂਰੀ, ਜਸਵਿੰਦਰ ਕੌਰ ਖਾਲਸਾ, ਦਰਸਨ ਵਿਰਦੀ, ਹੰਸ ਰਾਜ ਬਜਾਜ, ਠੇਕੇਦਾਰ ਜੱਸਾ ਧੂਰੀ, ਸਰਬਜੀਤ ਸਿੰਘ ਹੁੰਝਣ, ਹਰਬੰਤ ਸਿੰਘ ਕਾਤਰੋਂ, ਜਗਰੂਪ ਸਿੰਘ, ਸਵਰਨਜੀਤ ਸਿੰਘ ਹਰਚੰਦਪੁਰ , ਹਰਪਾਲ ਸਿੰਘ ਧੂਰਾ, ਪਰਮਜੀਤ ਸਿੰਘ ਪੰਮਾ ਧੂਰਾ, ਟੇਕ ਸਿੰਘ, ਡਾਕਟਰ ਕਰਨਵੀਰ ਸੇਰਪੁਰ, ਜਗਜੀਤ ਸਿੰਘ ਲੱਡਾ, ਡਾਕਟਰ ਜਗਜੀਤ ਸਿੰਘ ਘਨੌਰੀ, ਦਰਸਨ ਸਿੰਘ ਕਾਂਝਲਾ, ਸਾਬਕਾ ਸਰਪੰਚ ਕਰਮਜੀਤ ਸਿੰਘ ਪਲਾਸੌਰ, ਹਰਦਮ ਸਿੰਘ ਰਾਜੋਮਾਜਰਾ, ਜਗਰੂਪ ਸਿੰਘ ਰੇਸਮ ਸਿੰਘ, ਗੁਰਦਿਆਲ ਸਿੰਘ ਕਾਂਝਲਾ, ਸਰਬਜੀਤ ਸਿੰਘ ਕਾਤਰੋਂ ਆਦਿ ਆਗੂਆਂ ਨੇ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੂੰ ਮੁਬਾਰਕਵਾਦ ਦਿੱਤੀ, ਉੱਥੇ ਹੀ ਆਗੂਆਂ ਨੇ ਪਾਰਟੀ ਪ੍ਰਧਾਨ ਸੁਖਵੀਰ ਸਿੰਘ ਬਾਦਲ, ਜਨਰਲ ਸਕੱਤਰ ਵਿੰਨਰਜੀਤ ਸਿੰਘ ਗੋਲਡੀ ਅਤੇ ਜਿਲਾਂ ਪ੍ਰਧਨ ਤੇਜਿੰਦਰ ਸਿੰਘ ਸੰਘਰੇੜੀ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਾਂ।

# ਡੈਂਗੂ ਤੇ ਵਾਰ ਹਰ ਸ਼ੁਕਰਵਾਰ-ਐਸ ਆਈ ਅਸ਼ੌਕ ਕੁਮਾਰ



**ਧੂਰੀ (ਰਣਜੀਤ ਸਿੰਘ ਪੇਧਨੀ)**-ਸਿਵਲ ਸਰਜਨ ਸੰਗਰੂਰ ਡਾਕਟਰ ਅਮਰਜੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਅਤੇ ਸੁਰਜੀਤ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਪਿੰਡ ਬਾਲੀਆਂ ਦੇ ਸਰਕਾਰੀ ਸਕੂਲਾਂ ਅਤੇ ਸਰਕਾਰੀ ਦਫਤਰਾਂ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਅਤੇ ਸੂਰਜੀਤ ਸਿੰਘ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਚਿਕਨਗੁਨੀਆ ਅਤੇ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ । ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿੱਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾਂ ਨੂੰ ਪੂਰੀ ਤਰ੍ਹਾਂ ਸਾਫ਼ ਕਰ ਕੇ ਚੰਗੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਅਤੇ ਚਿਕਨਗੁਨੀਆ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ । ਟੀਮ ਮੈਂਬਰ ਹਰਜੀਤ ਸਿੰਘ ਮ,ਪ,ਹ,ਵ (ਮ)ਹਾਜ਼ਰ ਸਨ।

# ਉਪ ਰਾਸ਼ਟਰਪਤੀ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਚੋਣਾਂ ਦੀ ਮਨਜ਼ੂਰੀ ਦੇਣਾ ਪੰਜਾਬੀਆ ਦੀ ਵੱਡੀ ਜਿੱਤ



ਧੂਰੀ ( ਰਣਜੀਤ ਸਿੰਘ ਪੇਧਨੀ )-ਦੇਸ਼ ਦੀ ਉਪ ਰਾਸ਼ਟਰਪਤੀ ਮਾਣਯੋਗਸੀ.ਪੀ. ਰਾਧਾਕ੍ਰਿਸ਼ਨਨ ਜੀ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਚੋਣਾਂ ਦੀ ਮਨਜ਼ੂਰੀ ਸਮੁੱਚੇ ਪੰਜਾਬ ਦੀ ਸ਼ਾਨਦਾਰ ਜਿੱਤ ਹੈ। ਇਹ ਸੰਸਥਾ ਸਿਰਫ਼ ਇੱਕ ਯੂਨੀਵਰਸਿਟੀ ਨਹੀਂ ਬਲਕਿ ਪੰਜਾਬ ਦੀ ਵਿਰਾਸਤ ਹੈ।ਇਸ ਫੈਸਲੇ ਨਾਲ ਪੰਜਾਬ ਅਤੇ ਪੰਜਾਬੀਅਤ ਨੂੰ ਪਿਆਰ ਕਰਨ ਵਾਲਿਆਂ ਦੀ ਵੱਡੀ ਜਿੱਤ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀ, ਅਧਿਆਪਕ, ਫੈਕਲਟੀ ਮੈਂਬਰ ਅਤੇ ਹਰ ਉਹ ਪੰਜਾਬੀ ਵਧਾਈ ਦਾ ਪਾਤਰ ਹੈ, ਜਿਸ ਨੇ ਬੇਹੱਦ ਦਬਾਅ ਦੇ ਬਾਵਜੂਦ ਵੀ ਆਪਣੀ ਹਿੰਮਤ ਨਹੀਂ ਟੁੱਟਣ ਦਿੱਤੀ।ਸੰਘਰਸ਼ ਜਾਰੀ ਰੱਖਿਆ, ਅਖੀਰ ਸੰਘਰਸ਼ ਰੰਗ ਲਿਆਇਆ।





## ਜਨਮ ਦਿਨ ਮੁਬਾਰਕ

**ਸਾਹਿਰਵੀਰ ਸਿੰਘ**
ਪਿਤਾ ਸਵਰਨ ਸਿੰਘ
ਮਾਤਾ ਕਮਲਜੀਤ ਸਿੰਘ
ਪਿੰਡ ਬਾਦਸ਼ਾਹਪੁਰ ਧੂਰੀ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਮਦਮੀ ਟਕਸਾਲ ਦੇ ਖਾਲਸਾ ਹਸਪਤਾਲ ਮਹਿਤਾ ਵਿਖੇ

# ਤਿੰਨ ਰੋਜ਼ਾ ਮੁਫ਼ਤ ਮੈਡੀਕਲ ਕੈਂਪ ਅੱਜ ਤੋਂ




ਚੌਂਕ ਮਹਿਤਾ, (ਬਾਬਾ ਸੁਖਵੰਤ ਸਿੰਘ ਚੰਨਣਕੇ)- “ਹਿੰਦ ਦੀ ਚਾਦਰ” ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਮੌਕੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਮੈਮੋਰੀਅਲ ਹਸਪਤਾਲ ਮਹਿਤਾ ਚੌਂਕ ਵੱਲੋਂ 30 ਨਵੰਬਰ ਤੋਂ 2 ਦਸੰਬਰ ਤਕ (ਤਿੰਨ ਰੋਜਾ) ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾਵੇਗਾ। ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ ਲੱਗਣ ਵਾਲੇ ਇਸ ਮੁਫ਼ਤ ਮੈਡੀਕਲ ਕੈਂਪ ਦੌਰਾਨ ਤਿੰਨੋਂ ਦਿਨ ਰੋਜ਼ਾਨਾ ਸਵੇਰੇ 10 ਤੋਂ ਦੁਪਹਿਰ 2 ਵਜੇ ਤੱਕ ਹੱਡੀਆਂ ਦੀ ਓ.ਪੀ.ਡੀ., ਦੰਦਾਂ ਦੀ ਓ.ਪੀ.ਡੀ. ਅਤੇ ਜਨਰਲ ਓ.ਪੀ.ਡੀ. ਸਮੇਤ ਦੰਦ ਪੁਟਵਾਉਣ ਦੀ ਸੁਵਿਧਾ ਬਿਲਕੁੱਲ ਮੁਫ਼ਤ ਹੋਵੇਗੀ। ਐਕਸਰੇ, ਦਵਾਈਆਂ ਅਤੇ ਮੈਡੀਕਲ ਟੈਸਟਾਂ ਵਿਚ 70 ਫੀਸਦੀ ਤਕ ਦੀ ਛੂਟ ਦਿੱਤੀ ਜਾਵੇਗੀ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਇਲਾਕੇ ਦੇ ਮਰੀਜਾਂ ਨੂੰ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਗੁਰੂ ਰਾਮਦਾਸ ਦਰਬਾਰ ਕੈਲਗਰੀ ਵੱਲੋਂ

# ਕਵੀ ਦਰਬਾਰ ਆਯੋਜਿਤ











**ਕੈਲਗਰੀ, 29 ਅਪ੍ਰੈਲ (ਜਸਵਿੰਦਰ ਸਿੰਘ ਰੁਪਾਲ)**:-ਗੁਰੂ ਤੇਗ ਬਹਾਦਰ ਜੀ ਦੀ ਵਿਲੱਖਣ ਸ਼ਹਾਦਤ ਨੂੰ ਸਮਰਪਿਤ ਇੱਕ ਕਵੀ ਦਰਬਾਰ ਗੁਰੂ ਰਾਮਦਾਸ ਦਰਬਾਰ ਕੈਲਗਰੀ ਵਿਖੇ ਕਰਵਾਇਆ ਗਿਆ ਜਿਸ ਵਿੱਚ ਦੋ ਦਰਜਨ ਤੋਂ ਵੀ ਵੱਧ ਕਵੀਆਂ ਨੇ ਹਿੱਸਾ ਲਿਆ।ਕਵੀਆਂ ਵਿੱਚ ਬੱਚੇ ਵੀ ਸਨ, ਬੀਬੀਆਂ ਵੀ ਅਤੇ ਵਡੇਰੀ ਉਮਰ ਦੇ ਕਵੀ ਵੀ। ਪਰ ਸਾਰਿਆਂ ਦੀਆਂ ਕਵਿਤਾਵਾਂ ਦਾ ਵਿਸ਼ਾ ਚਾਂਦਨੀ ਚੌਕ ਦਾ ਸਾਕਾ ਹੀ ਸੀ। ਸ਼ਿਮੰਦਰ ਸਿੰਘ ਕੰਗਵੀ ਨੇ "ਤਿਲਕ ਜੰਞੂ ਦੀ ਖਾਤਰ ਗੁਰਾਂ ਸੀਸ ਦੀ ਭੇਟ ਚੜ੍ਹਾਈ÷, ਸੋਹਣ ਸਿੰਘ ਭੁੱਚੋ ਨੇ "ਗੁਰ ਤੇਗ ਬਹਾਦਰ ਸਿਮਰਿਐ ਘਰ ਨਉ ਨਿਧਿ ਆਵੈ ਧਾਇ" ਗੁਰਮੀਤ ਸਰਪਾਲ ਨੇ "ਉਸ ਗੁਰੂ ਲਾਸਾਨੀ ਦੀ ਗੱਲ ਕਰੀਏ÷,ਰਿਪੁਦਮਨ ਕੌਰ ਨੇ "ਧੰਨ ਸ੍ਰੀ ਗੁਰੂ ਤੇਗ ਬਹਾਦਰ ਡੁੱਬਦਾ ਧਰਮ ਬਚਾ ਲਿਆ" ਗੁਰਦੀਸ਼ ਕੌਰ ਗਰੇਵਾਲ ਨੇ "ਤੇਗ ਬਹਾਦਰ ਸਿਮਰਿਐ" ਕਵਿਤਾਵਾਂ ਸੁਣਾ ਕੇ ਸਰੋਤਿਆਂ ਨੂੰ ਗੁਰੂ ਤੇਗ ਬਹਾਦਰ ਜੀ ਨਾਲ ਜੋੜ ਦਿੱਤਾ। ਬਾਕੀ ਹੋਰ ਕਵੀਆਂ ਦੀਆਂ ਕਵਿਤਾਵਾਂ ਨਾਲ ਇਤਿਹਾਸ ਦੇ ਹੋਰ ਪੰਨੇ ਵੀ ਖੁੱਲਦੇ ਗਏ। ਜਸਵਿੰਦਰ ਸਿੰਘ ਰੁਪਾਲ ਨੇ "ਨੌਵਾਂ ਪਾਤਸ਼ਾਹ ਸੂਰਜ ਕੁਰਬਾਨੀਆਂ ਦਾ" ,ਸੁਰਿੰਦਰ ਗੀਤ ਨੇ "ਸ਼ਹਾਦਤ ਦਾ ਸਿਖਰ÷, ਅਤੇ ਹਰਮਿੰਦਰਪਾਲ ਸਿੰਘ, ਪ੍ਰਿੰ. ਚਰਨਦੀਪ ਕੌਰ, ਸਰੂਪ ਸਿੰਘ ਮੰਡੇਰ ,ਪ੍ਰੋ ਮਨਜੀਤ ਸਿੰਘ ਪਿਆਸਾ, ਜਸਵੀਰ ਸਿੰਘ ਸਿਹੋਤਾ ,ਬਲਵੀਰ ਸਿੰਘ ਕਲਿਆਣੀ ਆਦਿ ਨੇ ਆਪਣੀਆਂ ਕਵਿਤਾਵਾਂ ਰਾਹੀਂ ਗੁਰੂ ਤੇਗ ਬਹਾਦਰ ਜੀ ਵਲੋਂ ਮਾਨਵੀ ਹੱਕਾਂ ਲਈ ਦਿੱਤੀ ਗਈ ਲਾਸਾਨੀ ਸ਼ਹਾਦਤ ਨੂੰ ਆਪੋ ਆਪਣੇ ਵੱਖਰੇ ਸ਼ਬਦਾਂ ਨਾਲ ਅਤੇ ਵੱਖਰੇ ਅੰਦਾਜ਼ ਨਾਲ ਯਾਦ ਕੀਤਾ।ਛੋਟੇ ਬੱਚਿਆਂ ਵਿਚੋਂ ਹਰਸੀਰਤ ਕੌਰ , ਹਰ ਅਸੀਸ ਕੌਰ, ਮੋਹਕਮ ਸਿੰਘ ਚੌਹਾਨ, ਸਿਦਕ ਸਿੰਘ ਗਰੇਵਾਲ, ਦਿਵਤੇਗਨ ਸਿੰਘ, ਨੂਰ ਕੌਰ ਗਰੇਵਾਲ ,ਏਕਮਜੀਤ ਕੌਰ ਧਾਲੀਵਾਲ ਆਦਿ ਨੇ ਜਦੋਂ ਵੱਡੀਆਂ ਅਤੇ ਗੰਭੀਰ ਗੱਲਾਂ ਆਪਣੇ ਨੰਨ੍ਹੇ ਅਤੇ ਦਿਲਕਸ਼ ਅੰਦਾਜ ਵਿੱਚ ਸੁਣਾਈਆਂ ,ਤਾਂ ਸਰੋਤਿਆਂ ਤੋਂ ਖੂਬ ਪ੍ਰਸੰਸਾ ਖੱਟੀ। ਕਵੀ ਦਰਬਾਰ ਕਈ ਰੰਗਾਂ ਨਾਲ ਓਤਪੋਤ ਰਿਹਾ, ਜਿੱਥੇ ਡਾਕਟਰ ਜੋਗਾ ਸਿੰਘ ਨੇ ਸਾਜਾਂ ਨਾਲ ਅਤੇ ਤਰੰਨਮ ਨਾਲ ਕਿਉ ਧੜਕਦਾ ਏਂ ਜਾਲਮ, ਲੈ ਹੱਸ ਕੇ ਜਾਨ ਮੇਰੀ ਗਾ ਕੇ ਸੁਣਾਈ, ਉੱਥੇ ਪ੍ਰਸਿੱਧ ਕਵੀਸ਼ਰ ਜਸਵੰਤ ਸਿੰਘ ਸੇਖੋਂ ਨੇ ਗੁਰੂ ਸਾਹਿਬ ਦੀ ਸ਼ਹਾਦਤ ਤੋਂ ਜਲਦੀ ਬਾਅਦ ਹੀ ਗੁਰਸਿੱਖਾਂ ਵਲੋਂ ਔਰੰਗਜੇਬ ਤੇ ਕੀਤੇ ਗਏ ਹਮਲੇ ਦਾ ਘੱਟ ਪ੍ਰਚਾਰਿਆ ਗਿਆ ਇਤਿਹਾਸ "ਭਰਿਆ ਵਿਆ ਭਾਂਡਾ ਭੰਨੂੰ ਤੇਰੇ ਹੰਕਾਰ ਦਾ" ਸੁਣਾ ਕੇ ਸਰੋਤਿਆਂ ਨੂੰ ਹੈਰਾਨ ਕਰ ਦਿੱਤਾ। ਕਵੀ ਦਰਬਾਰ ਨੂੰ ਜਿੱਥੇ ਪ੍ਰੋ. ਮਨਜੀਤ ਸਿੰਘ ਪਿਆਸਾ ਜੀਂ ਪੰਜਾਬੀ ਰੇਡੀਓ ਕੈਲਗਰੀ ਤੇ ਲਾਈਵ ਸੁਣਾ ਰਹੇ ਸਨ, ਗੁਰਦੁਆਰਾ ਸਾਹਿਬ ਦੇ ਫੇਸਬੁੱਕ ਪੇਜ ਤੇ ਵੀ ਸਿੱਧਾ ਪ੍ਰਸਾਰਣ ਚੱਲ ਰਿਹਾ ਸੀ, ਉੱਥੇ ਸ਼ਿਵਾਲਿਕ ਟੀਵੀ ਲਈ ਪਰਮਜੀਤ ਸਿੰਘ ਭੰਗੂ ਪ੍ਰੋਗਰਾਮ ਦੀ ਕਵਰੇਜ ਕਰ ਰਹੇ ਸਨ। ਹੋਰ ਹਿੱਸਾ ਲੈਣ ਵਾਲੇ ਕਵੀਆਂ ਵਿੱਚ ਕੁਲਵੰਤ ਕੌਰ ਚਾਵਲਾ , ਤਰਲੋਚਨ ਸਿੰਘ ਸੈਂਹਬੀ, ਗੁਰਜੀਤ ਜੱਸੀ, ਸਰਬਜੀਤ ਕੌਰ ਉੱਪਲ, ਦਾਮਵੀ ਸਿੰਘ ਆਦਿ ਨੇ ਵੀ ਆਪਣੀ ਹਾਜ਼ਰੀ ਲਗਵਾਈ, ਉੱਥੇ ਸੁਖਮੰਦਰ ਗਿੱਲ, ਮੰਗਲ ਚੱਠਾ, ਅਸੀਸ ਕੌਰ ਅਤੇ ਜਸਜੋਤ ਕੌਰ ਕਿਸੇ ਕਾਰਨ ਕਰਕੇ ਪ੍ਰੋਗਰਾਮ ਵਿੱਚ ਪੁੱਜ ਨਹੀਂ ਸਕੇ। ਸਟੇਜ ਸੰਚਾਲਨ ਦੀ ਬਾਖੂਬੀ ਸੇਵਾ ਨਿਭਾ ਰਹੇ ਭੋਲਾ ਸਿੰਘ ਚੌਹਾਨ ਨੇ ਵੀ ਅਖੀਰ ਤੇ ਸੰਤ ਰਾਮ ਉਦਾਸੀ ਦੀ ਭਾਈ ਜੈਤਾ ਤੇ ਲਿਖੀ ਕਵਿਤਾ ਸੁਣਾਈ। ਪ੍ਰਬੰਧਕਾਂ ਵੱਲੋਂ ਸਾਰੇ ਕਵੀਆਂ ਨੂੰ ਗੁਰੂ ਘਰ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਵਧੇਰੇ ਜਾਣਕਾਰੀ ਲਈ ਭੋਲਾ ਸਿੰਘ ਚੌਹਾਨ +1(403)708-2901 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਨੇ ਕਰਵਾਈ ਪੀ.ਟੀ.ਐਮ.



ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ) :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਅਧਿਆਪਕ ਮਾਪੇ ਮਿਲਣੀ (ਪੀ.ਟੀ.ਐਮ) ਦਾ ਆਯੋਜਨ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਇਸ ਚੇਅਰਮੈਨ ਵਿਭੋਰ ਸ਼ਰਮਾ, ਜਰਨਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੇ ਨਿਰਦੇਸ਼ਾਂ ਅਨੁਸਾਰ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਪੀ.ਟੀ.ਐਮ ਦਾ ਉਦੇਸ਼ ਪੀ.ਟੀ—2 ਦੀ ਪ੍ਰੀਖਿਆਵਾਂ ਦੇ ਨਤੀਜਿਆਂ ਤੋਂ ਮਾਪਿਆਂ ਨੂੰ ਜਾਣੂ ਕਰਵਾਉਣਾ ਹੈ, ਵਿਦਿਆਰਥੀਆਂ ਦੇ ਇਮਤਿਹਾਨ ਵਿੱਚ ਪ੍ਰਾਪਤ ਅੰਕਾਂ ਅਤੇ ਸਿਖਿਆਰਥੀਆਂ ਦੁਆਰਾ ਕੀਤੇ ਪ੍ਰਦਰਸ਼ਨ ਨੂੰ ਮਾਪਿਆਂ ਤੋਂ ਜਾਣੂ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਪੀ.ਟੀ.ਐਮ ਦੇ ਮਾਧਿਅਮ ਰਾਹੀਂ ਬੱਚਿਆਂ ਨੂੰ ਉਨ੍ਹਾਂ ਦੀ ਪੜ੍ਹਾਈ ਦੇ ਪੱਧਰ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਹੈ ਤਾਂ ਕਿ ਵਿਦਿਆਰਥੀ ਉੱਚ ਪੱਧਰ ਤੱਕ ਪਹੁੰਚ ਸਕਣ। ਇਸ ਦੇ ਨਾਲ ਅਧਿਆਪਕਾਂ ਅਤੇ ਮਾਪਿਆਂ ਦੇ ਜ਼ਰੀਏ ਬੱਚਿਆਂ ਦੀ ਪੜ੍ਹਾਈ ਨੂੰ ਲੈ ਕੇ ਤਾਲਮੇਲ ਅਤੇ ਉਤਮ ਨਤੀਜੇ ਲਿਆਉਣ ਵਿੱਚ ਵੀ ਸਹਾਇਤਾ ਮਿਲਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਉਣ ਵਾਲੇ ਮਾਸਿਕ ਪ੍ਰੀਖਿਆਵਾਂ ਅਤੇ ਮਿਆਦ—2 ਦੀਆਂ ਪ੍ਰੀਖਿਆਵਾਂ ਲਈ ਵਧੇਰੇ ਲਗਨ ਅਤੇ ਮਿਹਨਤ ਨਾਲ ਪੜਾਈ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਸਕੂਲ ਸਟਾਫ ਅਤੇ ਬੱਚਿਆਂ ਦੇ ਮਾਪੇ ਮੌਜੂਦ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਬਲਾਕ ਸੰਮਤੀ ਅਤੇ ਜਿਲ੍ਹਾ ਪਰਿਸ਼ਦ ਚੋਣਾਂ 'ਚ ਵੱਡੇ ਮਾਰਜਨ ਨਾਲ ਜਿੱਤਣਗੇ - ਰੰਧਾਵਾ ਕਾਤਰੋਂ




**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਵੀਰ ਸਿੰਘ ਬਾਦਲ ਵੱਲੋਂ ਹਾਲ ਹੀ ਦੌਰਾਨ ਸ਼੍ਰੋਮਣੀ ਅਕਾਲੀ ਦਲ ਵੱਲੋਂ ਨਿਯੁਕਤ ਕੀਤੇ ਗਏ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਸ਼ਹਿਰ 'ਚ ਵੱਖ ਵੱਖ ਥਾਵਾਂ 'ਤੇ ਲੋਕ ਮਿਲਣੀਆਂ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਜਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਧੜੱਲੇ ਨਾਲ ਲੜ੍ਹੇਗਾ ਅਤੇ ਪਾਰਟੀ ਦੇ ਉਮੀਦਵਾਰ ਵੱਡੇ ਪੱਧਰ 'ਤੇ ਜਿੱਤ ਪ੍ਰਾਪਤ ਕਰਨਗੇ। ਉਹਨਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਹਰ ਫਰੰਟ ਤੇ ਫੇਲ ਸਾਬਤ ਹੋ ਚੁੱਕੀ ਹੈ, ਪੰਜਾਬ ਦੀ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੀਆਂ ਬੀਬੀਆਂ, ਭੈਣਾਂ ਦੇ ਨਾਲ 1100 ਦੇਣ ਦਾ ਵਾਅਦਾ ਕੀਤਾ ਸੀ ਜੋ ਕਿ ਫਲੋਪ ਹੋ ਗਿਆ ਹੈ।

# ਭਾਈ ਮਰਦਾਨਾ ਜੀ ਦੇ ਅਕਾਲ ਚਲਾਣਾ ਦਿਵਸ ਸਮਾਗਮ ਮੌਕੇ ਸਿੰਘ ਸਾਹਿਬ ਗਿਆਨੀ ਪਰਵਿੰਦਰ ਪਾਲ ਸਿੰਘ ਤੇ ਗੁਰਿੰਦਰ ਪਾਲ ਸਿੰਘ ਜੋਸਨ ਨੂੰ ਸਨਮਾਨਿਤ ਕੀਤਾ ਗਿਆ



**ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ)** :— ਵਿਸ਼ਵ ਭਾਈ ਮਰਦਾਨਾ ਸੁਸਾਇਟੀ ਫਿਰੋਜ਼ਪੁਰ ਵੱਲੋਂ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਅਮਰੀਕਾ ਤੋਂ ਡਾਕਟਰ ਗੁਰਿੰਦਰ ਪਾਲ ਸਿੰਘ ਜੋਸਨ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਭਾਈ ਮਰਦਾਨਾ ਸੋਸਾਇਟੀ ਫਿਰੋਜਪੁਰ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਰਬਾਬੀ ਭਾਈ ਮਰਦਾਨਾ ਵੈਲਫੇਅਰ ਸੋਸਾਇਟੀ ਲੁਧਿਆਣਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਸਹਿਯੋਗ ਨਾਲ 28 ਨਵੰਬਰ ਨੂੰ ਦੀਵਾਨ ਹਾਲ ਮੰਜੀ ਸਾਹਿਬ ਵਿਖੇ ਮਨਾਇਆ ਗਿਆ, ਜਿਸ ਵਿੱਚ ਭਾਈ ਮਹਾਂਵੀਰ ਸਿੰਘ ਹਜੂਰੀ ਰਾਗੀ ਦਰਬਾਰ ਸਾਹਿਬ ਨੇ ਤੰਤੀ ਸਾਜਾ ਨਾਲ ਗੁਰਬਾਣੀ ਦਾ ਕੀਰਤਨ ਗਾਇਨ ਕੀਤਾ। ਉਪਰੰਤ ਸ੍ਰੀ ਦਰਬਾਰ ਸਾਹਿਬ ਜੀ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰ ਪਾਲ ਸਿੰਘ ਨੇ ਭਾਈ ਮਰਦਾਨਾ ਜੀ ਦੇ ਜੀਵਨ ਇਤਿਹਾਸ ਬਾਰੇ ਗੁਰਮਤ ਵਿਚਾਰਾਂ ਕਰਦਿਆਂ ਆਖਿਆ ਕਿ ਭਾਈ ਮਰਦਾਨਾ ਜੀ ਗੁਰੂ ਘਰ ਦੇ ਪਹਿਲੇ ਰਬਾਬੀ ਕੀਰਤਨੀਆਂ ਸਨ ਜਿਨਾਂ ਨੇ ਲੰਮਾ ਸਮਾਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਨਾਲ ਕੀਰਤਨ ਕਰਦਿਆਂ ਹੋਇਆਂ ਬਿਤਾਇਆ। ਇਸ ਮੌਕੇ ਵਿਸ਼ਵ ਭਾਈ ਮਰਦਾਨਾ ਸੋਸਾਇਟੀ ਫਿਰੋਜਪੁਰ ਵੱਲੋਂ ਸਿੰਘ ਸਾਹਿਬ ਜੀ ਦਾ ਅਤੇ ਅਮਰੀਕਾ ਤੋਂ ਆਏ ਗੁਰਿੰਦਰ ਪਾਲ ਸਿੰਘ ਜੋਸਨ ਦਾ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਉਪਰੰਤ ਸਿੰਘ ਸਾਹਿਬ ਗਿਆਨੀ ਪਰਵਿੰਦਰ ਪਾਲ ਸਿੰਘ ਵੱਲੋਂ ਅਤੇ ਰਬਾਬੀ ਭਾਈ ਮਰਦਾਨਾ ਵੈਲਫੇਅਰ ਸੋਸਾਇਟੀ ਲੁਧਿਆਣਾ ਵੱਲੋਂ ਜਗਜੀਤ ਸਿੰਘ ਭੁੱਲਰ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਈ ਮਰਦਾਨਾ ਸੋਸਾਇਟੀ ਫਿਰੋਜਪੁਰ ਵੱਲੋਂ ਰਣਬੀਰ ਸਿੰਘ ਰਾਣਾ, ਪਰਮਜੀਤ ਸਿੰਘ ਔਲਖ, ਨਿਰਮਲ ਸਿੰਘ, ਬਲਦੇਵ ਸਿੰਘ ਅਤੇ ਦਰਬਾਰ ਸਾਹਿਬ ਦੇ ਮੁੱਖ ਮੈਨੇਜਰ ਤੰਘੇੜਾ ਸੁਪਰਡੈਂਟ ਨਿਸ਼ਾਨ ਸਿੰਘ ਵਧੀਕ ਮੈਨੇਜਰ ਇਕਬਾਲ ਸਿੰਘ ਮੀਤ ਮੈਨੇਜਰ ਜੈ ਸਿੰਘ ਸਮੇਤ ਕਈ ਪ੍ਰਮੁੱਖ ਸਖਸ਼ੀਅਤਾਂ ਹਾਜ਼ਰ ਸਨ।

# 2 ਕਰੋੜ ਦੀ ਨਵ-ਨਿਰਮਿਤ ਸੜਕ ਨਾਲ ਲੋਕਾਂ ਨੂੰ ਮਿਲੇਗੀ ਰਾਹਤ ਅਤੇ ਬਿਹਤਰ ਕਨੈਕਟਿਵਿਟੀ: ਡਾ. ਈਸ਼ਾਂਕ

**ਹੁਸ਼ਿਆਰਪੁਰ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਚੱਬੇਵਾਲ ਵਿਧਾਨਸਭਾ ਹਲਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਇੱਕ ਵੱਡਾ ਕਦਮ ਚੁੱਕਦੇ ਹੋਏ, ਹਲਕੇ ਦੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਬਸੀ ਕਲਾਂ ਤੋਂ ਬਠੁੱਲਾ ਤੱਕ ਬਣਾਈ ਗਈ ਨਵੀਂ ਸੜਕ ਦਾ ਉਦਘਾਟਨ ਕੀਤਾ। ਇਹ ਸੜਕ ਹੁਸ਼ਿਆਰਪੁਰ-ਗੜ੍ਹਸ਼ੰਕਰ ਰੋਡ ਨੂੰ ਬਿਛੋਹੀ ਰਾਹੀਂ ਬਸੀ ਜਮਾਲ ਖਾਂ ਨਾਲ ਜੋੜਦੀ ਹੈ, ਜਿਸ ਨਾਲ ਇਸ ਖੇਤਰ ਦੀ ਕਨੈਕਟਿਵਿਟੀ ਵਿੱਚ ਮਹੱਤਵਪੂਰਨ ਸੁਧਾਰ ਹੋਵੇਗਾ। ਕੁੱਲ 5.25 ਕਿਲੋਮੀਟਰ ਲੰਬੀ ਇਸ ਸੜਕ ਵਿੱਚ 700 ਮੀਟਰ ਲੰਬਾਈ ਉਹ ਹੈ ਜਿਥੇ ਸੜਕ ਬਾਰ-ਬਾਰ ਟੁੱਟਦੀ ਸੀ, ਇਸ ਭਾਗ ਨੂੰ ਕੰਕਰੀਟ ਨਾਲ ਤਿਆਰ ਕੀਤਾ ਗਿਆ ਹੈ। ਲਗਭਗ 2 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਇਸ ਸੜਕ ਦੀ ਚੌੜਾਈ ਵੀ 10 ਫੁੱਟ ਤੋਂ ਵਧਾ ਕੇ 14 ਫੁੱਟ ਕਰ ਦਿੱਤੀ ਗਈ ਹੈ, ਜਿਸ ਨਾਲ ਯਾਤਾਯਾਤ ਹੁਣ ਹੋਰ ਸੁਗਮ ਅਤੇ ਸੁਰੱਖਿਅਤ ਹੋਵੇਗਾ। ਸਥਾਨਕ ਲੋਕਾਂ ਦੀ ਸਾਲਾਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰਦੇ ਹੋਏ, ਇਸ ਸੜਕ ਨੂੰ ਆਧੁਨਿਕ ਮਾਪਦੰਡਾਂ ਅਨੁਸਾਰ ਬਣਾਇਆ ਗਿਆ ਹੈ। ਉਦਘਾਟਨ ਸਮਾਰੋਹ ਦੌਰਾਨ ਹਾਜ਼ਰ ਪਿੰਡ ਵਾਸੀਆਂ ਨੇ ਵਿਧਾਇਕ ਡਾ. ਈਸ਼ਾਂਕ ਕੁਮਾਰ ਦਾ ਧੰਨਵਾਦ ਕੀਤਾ ਅਤੇ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਲਈ ਉਨ੍ਹਾਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਚੱਬੇਵਾਲ ਵਿਧਾਨਸਭਾ ਹਲਕੇ ਵਿੱਚ ਬੁਨਿਆਦੀ ਸੁਵਿਧਾਵਾਂ ਨੂੰ ਮਜ਼ਬੂਤ ਕਰਨਾ ਉਨ੍ਹਾਂ ਦੀ ਪ੍ਰਾਥਮਿਕਤਾ ਹੈ। ਉਨ੍ਹਾਂ ਨੇ ਕਿਹਾ ਕਿ ਸੜਕਾਂ ਕਿਸੇ ਵੀ ਖੇਤਰ ਦੀਆਂ ਆਰਥਿਕ ਅਤੇ ਸਮਾਜਿਕ ਤਰੱਕੀ ਦੀ ਰੀੜ੍ਹ ਹੁੰਦੀਆਂ ਹਨ। ਇਸ ਸੜਕ ਦੇ ਬਣਨ ਨਾਲ ਨਾ ਸਿਰਫ਼ ਪਿੰਡ ਬਸੀ ਕਲਾਂ, ਬਠੁੱਲਾ, ਬੱਸੀ ਜਮਾਲ ਖਾਂ ਅਤੇ ਬਿਛੋਹੀ ਦੇ ਲੋਕਾਂ ਨੂੰ ਲਾਭ ਮਿਲੇਗਾ, ਸਗੋਂ ਨੇੜਲੇ ਇਲਾਕਿਆਂ ਵਿੱਚ ਆਵਾਜਾਈ ਵੀ ਆਸਾਨ ਹੋਵੇਗੀ।

ਆਵਾਜ਼ਿ ਕੌਮ AWAZE QAUM

ਹਰਜਿੰਦਰ ਸਿੰਘ ਧਾਮੀ ਕਿਹੜੀ ਮਜਬੂਰੀ ਤਹਿਤ

# ਦਿੱਲੀ ਸਮਾਗਮ ਵਿਚ ਹਾਜ਼ਿਰੀ ਭਰਣ ਦੀ ਥਾਂ ਵੱਖਰੇ ਪ੍ਰੋਗਰਾਮ ਕਰਵਾ ਰਹੇ ਹਨ: ਕਾਲਕਾ, ਕਾਹਲੋਂ




**ਨਵੀਂ ਦਿੱਲੀ, 29 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ 'ਤੇ ਦਿੱਲੀ ਵਿਚ ਲਾਲ ਕਿਲ੍ਹੇ 'ਤੇ ਹੋਏ ਪ੍ਰੋਗਰਾਮਾਂ ਵਿਚ ਹਾਜ਼ਰੀ ਨਾ ਭਰ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਨਾਂਹ ਪੱਖੀ ਭੂਮਿਕਾ ਅਦਾ ਕੀਤੀ ਹੈ ਤੇ ਇਸ ਮਾਮਲੇ ਵਿਚ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਕਾਲੀ ਦਲ ਦੇ ਪ੍ਰਧਾਨ ਦੇ ਹੁਕਮਾਂ ਦੀ ਪਾਲਣਾ ਕਰ ਕੇ ਬਹੁਤ ਗਲਤ ਬਿਰਤਾਂਤ ਸਿਰਜਿਆ ਹੈ।ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦਿੱਲੀ ਵਿਚ ਹੋਈ ਸੀ ਤੇ ਇਸ ਲਈ ਇਹ 350 ਸਾਲਾ ਸ਼ਹੀਦੀ ਸਮਾਗਮ ਆਯੋਜਿਤ ਕਰਨ ਦੀ ਜ਼ਿੰਮੇਵਾਰੀ ਦਿੱਲੀ ਗੁਰਦੁਆਰਾ ਕਮੇਟੀ ਦੀ ਬਣਦੀ ਸੀ। ਉਹਨਾਂ ਕਿਹਾ ਕਿ ਅਸੀਂ ਆਪਣੇ ਵੱਲੋਂ ਇਹ ਪੂਰੀ ਜ਼ਿੰਮੇਵਾਰੀ ਨਿਭਾਈ ਤੇ ਇਸ ਮਾਮਲੇ ਵਿਚ ਸਾਡੇ ਵੱਲੋਂ ਚਾਰ ਮੈਂਬਰੀ ਕਮੇਟੀ ਵੱਲੋਂ ਐਡਵੋਕੇਟ ਧਾਮੀ ਤੇ ਸਮੁੱਚੀ ਸ਼੍ਰੋਮਣੀ ਕਮੇਟੀ ਦੀ ਟੀਮ ਨੂੰ ਸੱਦਾ ਪੱਤਰ ਵੀ ਦਿੱਤਾ ਗਿਆ।ਉਹਨਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਸ਼੍ਰੋਮਣੀ ਕਮੇਟੀ ਦੀ ਸਮੁੱਚੀ ਟੀਮ ਨੇ ਦਿੱਲੀ ਵਿਚ ਹੋਏ ਇਤਿਹਾਸਕ ਸਮਾਗਮਾਂ ਵਿਚ ਸ਼ਾਮਲ ਹੋਣ ਦੀ ਥਾਂ 'ਤੇ ਸ੍ਰੀ ਆਨੰਦਪੁਰ ਸਾਹਿਬ ਵਿਚ ਵੱਖਰੇ ਸਮਾਗਮ ਕਰਨ ਨੂੰ ਤਰਜੀਹ ਦਿੱਤੀ। ਉਹਨਾ ਕਿਹਾ ਕਿ ਜਦੋਂ 1975 ਵਿਚ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 300 ਸਾਲਾ ਸ਼ਹੀਦੀ ਦਿਹਾੜਾ ਮਨਾਇਆ ਜਾ ਰਿਹਾ ਸੀ ਤਾਂ ਉਸ ਵੇਲੇ ਦਿੱਲੀ ਦੇ ਰਾਮ ਲੀਲਾ ਗਰਾਊਂਡ ਵਿਚ ਇਹ ਸਮਾਗਮ ਮਨਾਇਆ ਗਿਆ ਸੀ ਜਿਸ ਵਿਚ ਉਸ ਵੇਲੇ ਦੇ ਪੰਜਾਬ ਦੇ ਮੁੱਖ ਮੰਤਰੀ ਗਿਆਨੀ ਜ਼ੈਲ ਸਿੰਘ, ਅਕਾਲੀ ਦਲ ਦੇ ਤਤਕਾਲੀ ਪ੍ਰਧਾਨ ਸੁਰਜੀਤ ਸਿੰਘ ਬਰਨਾਲਾ, ਸ਼੍ਰੋਮਣੀ ਕਮੇਟੀ ਦੇ ਤਤਕਾਲੀ ਪ੍ਰਧਾਨ ਕ੍ਰਿਪਾਲ ਸਿੰਘ ਸਮੇਤ ਪ੍ਰਮੁੱਖ ਸ਼ਖਸੀਅਤਾਂ ਨੇ ਇਹਨਾਂ ਸਮਾਗਮਾਂ ਵਿਚ ਹਾਜ਼ਰੀ ਭਰੀ ਸੀ। ਉਸ ਵੇਲੇ ਜਸਪਾਲ ਸਿੰਘ ਕੋਛੜ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਨ।ਉਹਨਾਂ ਕਿਹਾ ਕਿ ਅਸੀਂ ਹੈਰਾਨ ਹਾਂ ਕਿ ਇਸ ਵੇਲੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਜਿਹੀ ਕਿਹੜੀ ਮਜਬੂਰੀ ਬਣੀ ਕਿ ਉਹਨਾਂ ਦਿੱਲੀ ਵਿਚ ਇਤਿਹਾਸਕ ਸਮਾਗਮਾਂ ਵਿਚ ਹਾਜ਼ਰੀ ਭਰਨ ਦੀ ਥਾਂ ਵੱਖਰੇ ਸਮਾਗਮ ਕਰਵਾਉਣ ਨੂੰ ਤਰਜੀਹ ਦਿੱਤੀ। ਉਹਨਾਂ ਕਿਹਾ ਕਿ ਅਸਲੀਅਤ ਇਹ ਹੈ ਕਿ ਇਹ ਸਭ ਰਾਜਸੀ ਖੇਡਾਂ ਸੀ ਜੋ ਖੇਡੀਆਂ ਗਈਆਂ ਜਿਸ ਵਾਸਤੇ ਇਤਿਹਾਸਕ ਮੌਕੇ ਨੂੰ ਵੀ ਨਹੀਂ ਬਖ਼ਸ਼ਿਆ ਗਿਆ। ਉਹਨਾਂ ਕਿਹਾ ਕਿ ਦਿੱਲੀ ਵਿਚ ਦਿੱਲੀ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਨੇ ਪੂਰੀ ਰਾਜਨੀਤੀ ਕੀਤੀ ਅਤੇ ਜਿਹਨਾਂ ਦਿਹਾੜਿਆਂ 'ਤੇ ਇਤਿਹਾਸਕ ਨਗਰ ਕੀਰਤਨ ਸਜਾਏ ਜਾਣੇ ਸਨ, ਉਹਨਾਂ ਦਿਨਾਂ ਵਿਚ ਬਰਾਬਰ ਦੇ ਨਗਰ ਕੀਰਤਨ ਸਜਾਏ ਗਏ।ਉਹਨਾਂ ਕਿਹਾ ਕਿ ਇਹ ਲੋਕ ਪਹਿਲਾਂ ਵੀ ਦੋ-ਦੋ ਸੰਗਰਾਂਦਾ ਤੇ ਦੋ-ਦੋ ਗੁਰਪੁਰਬ ਮਨਾ ਕੇ ਸਿੱਖ ਸੰਗਤ ਵਿਚ ਦੁਬਿਧਾ ਪੈਦਾ ਕਰਦੇ ਰਹੇ ਹਨ ਤੇ ਇਸ ਵਾਰ ਵੀ ਇਹਨਾਂ ਨੇ ਇਹੋ ਕੁਝ ਕੀਤਾ। ਉਹਨਾਂ ਕਿਹਾ ਕਿ ਦੂਜੇ ਪਾਸੇ ਦਿੱਲੀ ਦੀ ਸੰਗਤ ਸਿਰਮੌਰ ਹੈ ਜਿਹਨਾਂ ਨੇ ਲੱਖਾਂ ਦੀ ਗਿਣਤੀ ਵਿਚ ਲਾਲ ਕਿਲ੍ਹੇ 'ਤੇ ਇਤਿਹਾਸਕ ਹਾਜ਼ਰੀ ਭਰ ਕੇ ਸਮਾਗਮਾਂ ਨੂੰ ਸਫਲ ਕੀਤਾ। ਉਹਨਾਂ ਕਿਹਾ ਕਿ ਅਸੀਂ ਜੇਕਰ ਦਿੱਲੀ ਸਰਕਾਰ ਨਾਲ ਮਿਲ ਕੇ ਸਮਾਗਮ ਕੀਤੇ ਤਾਂ ਇਹਨਾਂ ਵਿਚ ਦੇਸ਼ ਦੀ ਰਾਸ਼ਟਰਪਤੀ ਸ੍ਰੀਮਤੀ ਦਰੋਪਦੀ ਮੁਰਮੂ ਅਤੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਸ਼ਾਮਿਲ ਹੋਏ ਤੇ ਇਹ ਸਮਾਗਮ ਇਤਿਹਾਸਕ ਹੋ ਨਿਬੜੇ। ਉਹਨਾਂ ਕਿਹਾ ਕਿ ਦੂਜੇ ਪਾਸੇ ਸ਼੍ਰੋਮਣੀ ਕਮੇਟੀ ਤੇ ਪੰਜਾਬ ਸਰਕਾਰ ਦੇ ਸਮਾਗਮਾਂ ਦਾ ਜੋ ਹਾਲ ਸੀ, ਉਹ ਸੰਗਤ ਦੇ ਸਾਹਮਣੇ ਹੈ।ਉਹਨਾਂ ਕਿਹਾ ਕਿ ਉਹ ਕਿਸੇ ਦੇ ਖਿਲਾਫ ਨਹੀਂ ਬੋਲ ਰਹੇ ਪਰ ਅਸਲੀਅਤ ਇਹ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਵੀ ਗੁੰਮਰਾਹ ਕਰਨ ਦਾ ਯਤਨ ਕੀਤਾ ਗਿਆ।ਉਹਨਾਂ ਕਿਹਾ ਕਿ ਜਿਹਨਾਂ ਨੇ ਗੁੰਮਰਾਹ ਕੀਤਾ, ਉਹਨਾਂ ਖਿਲਾਫ ਜਿਹੜੇ ਵੀ ਪਰਚੇ ਦਰਜ ਹਨ, ਸਾਡੇ ਕੋਲ ਸਾਰਾ ਹਿਸਾਬ ਹੈ, ਜਦੋਂ ਜਥੇਦਾਰ ਸਾਹਿਬ ਹੁਕਮ ਕਰਨਗੇ, ਅਸੀਂ ਸਾਰਾ ਰਿਕਾਰਡ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਦਿਆਂਗੇ। ਉਹਨਾਂ ਕਿਹਾ ਕਿ ਸੱਚ ਹੁਣ ਸਭ ਦੇ ਸਾਹਮਣੇ ਹੈ। ਸੰਗਤ ਨੇ ਆਪ ਫਤਵਾ ਦੇ ਦਿੱਤਾ ਹੈ, ਇਸ ਤੋਂ ਵੱਧ ਅਸੀਂ ਕੁਝ ਕਹਿਣਾ ਨਹੀਂ ਚਾਹੁੰਦੇ।

# ਗੁਰੂ ਤੇਗ ਬਹਾਦਰ ਹਿੰਦ ਦੀ ਚਾਦਰ : ਪੀ.ਸੀ ਕੁਮਾਰ

ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ) :— ਅੱਜ ਸਰਕਾਰੀ ਪ੍ਰਾਇਮਰੀ ਸਕੂਲ ਤੂੜੀ ਬਜ਼ਾਰ ਫ਼ਿਰੋਜ਼ਪੁਰ ਸ਼ਹਿਰ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਇਕ ਵਿਸ਼ੇਸ਼ ਲੈਕਚਰ ਕਰਵਾਇਆ ਗਿਆ।ਇਹ ਲੈਕਚਰ ਸ੍ਰੀ ਪੀ.ਸੀ ਕੁਮਾਰ ਸੋਸ਼ਲ ਵਰਕਰ, ਸੇਵਾ ਮੁਕਤ ਮਾਸ ਮੀਡੀਆ ਅਫਸਰ, ਸਿਹਤ ਦੁਆਰਾ ਦਿੱਤਾ ਗਿਆ। ਉਨ੍ਹਾਂ ਬੱਚਿਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਸ਼ਹੀਦੀ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਗੁਰੂ ਸਾਹਿਬ ਦੇ ਦਰਸਾਏ ਮਾਰਗ ਤੇ ਚੱਲ ਕੇ ਮਨੁੱਖਤਾ ਦੇ ਭਲੇ ਲਈ ਕਾਰਜ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿਸ ਤਰ੍ਹਾਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਹਿੰਦੂ ਧਰਮ ਦੀ ਰਾਖੀ ਲਈ ਆਪਣੀ ਸ਼ਹਾਦਤ ਦਿੱਤੀ, ਜਿਸ ਕਾਰਨ ਉਨ੍ਹਾਂ ਨੂੰ ਹਿੰਦ ਦੀ ਚਾਦਰ ਵੀ ਕਿਹਾ ਜਾਂਦਾ ਹੈ।ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਉਸ ਸਮੇਂ ਜਬਰਨ ਕਸ਼ਮੀਰ ਦੇ ਲੋਕਾਂ ਨੂੰ ਮੁਸਲਮਾਨ ਬਣਾਇਆ ਜਾ ਰਿਹਾ ਸੀ, ਜਿਸ ਸਮੇਂ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਹੋਈ।ਉਸ ਸਮੇਂ ਗੁਰੂ ਤੇਗ ਬਹਾਦਰ ਭਾਰਤ ਦੀ ਮਹਾਨ ਸਖਸ਼ੀਅਤ ਤੇ ਧਾਰਮਿਕ ਗੁਰੂ ਸਨ, ਗੁਰੂ ਤੇਗ ਬਹਾਦਰ ਜੀ ਨੂੰ ਗੁਰੂ ਗੋਬਿੰਦ ਸਿੰਘ ਜੀ ਜਿਨ੍ਹਾਂ ਦੀ ਉਮਰ 10 ਸਾਲ ਸੀ, ਅਦੁੱਤੀ ਕੁਰਬਾਨੀ ਦੇਣ ਲਈ ਪ੍ਰੇਰਿਤ ਕੀਤਾ। ਸ੍ਰੀ ਪੀ.ਸੀ ਕੁਮਾਰ ਨੇ ਦੱਸਿਆ ਕਿ ਇਹ ਸ਼ਹੀਦੀ ਦਿਹਾੜੇ ਨੂੰ ਸੰਸਾਰ ਵਿਚ ਮਨਾਇਆ ਜਾਣਾ ਚਾਹੀਦਾ ਹੈ ਤਾਂ ਕਿ ਲੋਕਾਂ ਨੂੰ ਇਸ ਮਹਾਨ ਸ਼ਹੀਦੀ ਬਾਰੇ ਪਤਾ ਲੱਗ ਸਕੇ। ਉਨ੍ਹਾਂ ਬੱਚਿਆਂ ਨੂੰ ਪ੍ਰਣ ਕਰਨ ਲਈ ਕਿਹਾ ਕਿ ਉਹ ਸਾਡੇ ਮਹਾਨ ਗੁਰੂਆਂ ਦੀ ਸਿੱਖਿਆ ਤੇ ਸਿੱਖ ਕੇ ਇਕ ਮਹਾਨ ਨਾਗਰਿਕ ਬਣਨਗੇ।




# ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਇੰਗਲੈਂਡ ਵਿਖੇ ਚੱਲ ਰਹੇ ਸਮਾਗਮਾਂ ਅਤੇ ਚੱਲ ਰਹੀਆਂ ਪਾਠਾਂ ਦੀ ਲੜੀਆਂ ਤੇ ਦੂਸਰੀ ਲੜੀ ਦਾ ਭੋਗ ਪਾਇਆ






**ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ) :—** ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਇੰਗਲੈਂਡ ਵਿਖੇ ਚੱਲ ਰਹੇ ਸਮਾਗਮਾਂ ਅਤੇ ਚੱਲ ਰਹੀਆਂ ਪਾਠਾਂ ਦੀਆਂ ਲੜੀਆਂ ਤੇ ਦੂਸਰੀ ਲੜੀ ਦਾ ਭੋਗ ਪਾਇਆ ਗਿਆ। ਇਸ ਮੌਕੇ ਤੇ ਅੱਜ ਦਾ ਸਮਾਗਮਾਂ ਵਿਚ ਭਾਈ ਕਮਲਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅਤੇ ਮੁਖਤਿਆਰ ਸਿੰਘ ਜਫਰ ਦਾ ਢਾਡੀ ਜਥੇ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਭਾਈ ਕਮਲਜੀਤ ਸਿੰਘ ਨੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਅਤੇ ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲ ਸਿੰਘ ਜੀ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਅਤੇ ਕਿਹਾ ਕਿ ਸਾਨੂੰ ਇਨ੍ਹਾਂ ਦੇ ਦਰਸਾਏ ਹੋਏ ਮਾਰਗ ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ। ਉਨ੍ਹਾਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਸਵੇਰੇ—ਸ਼ਾਮ ਉਠਦੇ—ਬੈਠਦੇ ਵਾਹਿਗੁਰੂ ਜੀ ਦਾ ਨਾਮ ਜਪੋ। ਇਸ ਮੌਕੇ ਤੇ ਮੁਖਤਿਆਰ ਸਿੰਘ ਦੇ ਢਾਡੀ ਜਥੇ ਨੇ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਟੇਜ਼ ਦੀ ਸੇਵਾ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।

## ਗੁਰੂ ਘਰ ਦੇ ਸੇਵਕ ਕਸ਼ਮੀਰ ਸਿੰਘ ਨੂੰ ਸਖਸ਼ੀਅਤਾਂ ਨੇ ਭੇਂਟ ਕੀਤੀਆਂ ਸ਼ਰਧਾਂਜਲੀ



ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਰਾਮ ਦਾਸ ਪੁਰੀ ਆਸਲ ਦੇ ਮੁੱਖ ਸੇਵਾਦਾਰ ਸ਼੍ਰੀ ਮਾਨ ਭਗਤ ਬਾਬਾ ਮਿਲਖਾ ਸਿੰਘ ਦੇ ਛੋਟੇ ਭਰਾ ਕਸ਼ਮੀਰ ਸਿੰਘ ਜੋ ਪਿਛਲੇ ਦਿਨੀਂ 21 ਨਵੰਬਰ ਨੂੰ ਗੁਰੂ ਚਰਨਾ ਵਿੱਚ ਜਾ ਬਿਰਾਜੇ ਸਨ, ਨਮਿਤ ਸ਼ਰਧਾਂਜਲੀ ਸਮਾਰੋਹ ਉਨ੍ਹਾਂ ਦੇ ਪਿੰਡ ਹੋਇਆ। ਸ: ਕਸ਼ਮੀਰ ਸਿੰਘ ਦੀ ਅੰਤਿਮ ਅਰਦਾਸ ਦੇ ਸਬੰਧ ਚ ਰੱਖੇ ਗਏ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਪੰਜਾਬ ਭਰ ਤੋਂ ਸੰਤ ਮਹਾਂਪੁਰਸ਼, ਰਾਜਨੀਤਕ, ਧਾਰਮਿਕ, ਮੁਲਾਜਮ ਜਥੇਬੰਦੀਆਂ, ਸਾਕ ਸਬੰਧੀਆਂ ਅਤੇ ਰਿਸ਼ਤੇਦਾਰਾਂ ਵੱਲੋਂ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਇਸ ਮੌਕੇ ਸੰਤ ਬਾਬਾ ਸੁੱਚਾ ਸਿੰਘ ਛਾਂਗਾ ਖੁਰਦ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਸੰਤ ਬਾਬਾ ਗੁਰਬਚਨ ਸਿੰਘ ਦਲ ਪੰਥ ਬਾਬਾ ਬਿਧੀ ਚੰਦ ਦਲ ਸੁਰ ਸਿੰਘ ਵਾਲੇ, ਬਾਬਾ ਸੁਖਜੀਤ ਸਿੰਘ ਗੁਰਦੁਆਰਾ ਬਾਬਾ ਰਾਮ ਲਾਲ, ਬਾਬਾ ਬਲਰਾਜ ਸਿੰਘ, ਜਰਨੈਲ ਸਿੰਘ ਗੜ੍ਹਦੀਵਾਲ, ਜਸਬੀਰ ਸਿੰਘ ਡਾਇਰੈਕਟਰ ਪੰਜਾਬ ਰਾਜ ਬਿਜਲੀ ਬੋਰਡ, ਵਿਧਾਇਕ ਰਣਬੀਰ ਸਿੰਘ ਭੁੱਲਰ, ਬਲਰਾਜ ਸਿੰਘ ਕਟੋਰਾ ਚੇਅਰਮੈਨ ਮਾਰਕੀਟ ਕਮੇਟੀ ਫਿਰੋਜ਼ਪੁਰ, ਦਰਸ਼ਨ ਸਿੰਘ ਸ਼ੇਰ ਖਾਂ ਮੈਂਬਰ ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ, ਸਤਪਾਲ ਸਿੰਘ ਤਲਵੰਡੀ ਮੈਂਬਰ ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ, ਸੁਰਿੰਦਰ ਸਿੰਘ ਬੱਬੂ, ਰੋਹਿਤ ਕੁਮਾਰ ਮਾਂਟੂ ਵੋਹਰਾ, ਭਾਈ ਜਸਪਾਲ ਸਿੰਘ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਸਮੇਤ ਵੱਡੀ ਗਿਣਤੀ ਵਿਚ ਸਮਾਜ ਸੇਵੀਆਂ, ਗੁਰੂ ਘਰ ਦੇ ਸੇਵਕਾਂ ਅਤੇ ਸਿਆਸੀ ਨੇਤਾਵਾਂ ਨੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਅਰਪਿਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰੂ ਤੇਗ ਬਹਾਦਰ ਸਾਹਿਬ ਜੀ ਦਾ

# 350 ਸਾਲਾ ਸ਼ਹੀਦੀ ਦਿਹਾੜਾ ਕੰਗ ਸਾਹਬੂ ਵਿਖੇ ਮਨਾਇਆ



**ਜਲੰਧਰ 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਗੁਰਦੁਆਰਾ ਗੁਰਸ਼ਬਦ ਪ੍ਰਕਾਸ਼ ਪਿੰਡ ਕੰਗ ਸਾਹਬੂ, ਜਲੰਧਰ ਵਿੱਚ ਕਰਵਾਇਆ ਗਿਆ ਜਿਸ ਵਿੱਚ ਸੰਗਤ

## ਗੁਰੂ ਸਾਹਿਬ ਜੀ ਨੇ ਪਰਉਪਕਾਰ ਹਿਤ ਸ਼ਹਾਦਤ ਦੇ ਕੇ ਵੱਡਾ ਸਾਕਾ ਵਰਤਾਇਆ: ਗਿਆਨੀ ਰਾਜਪਾਲ ਸਿੰਘ ਬੋਪਾਰਾਏ



ਨੇ ਸ਼ਰਧਾ ਭਾਵਨਾ ਨਾਲ ਸ਼ਮੂਲੀਅਤ ਕੀਤੀ। ਸ੍ਰੀ ਸੁਖਮਨੀ ਸਾਹਿਬ ਅਤੇ ਨੌਵੇਂ ਪਾਤਸ਼ਾਹ ਜੀ ਦੇ ਸਲੋਕਾਂ ਦੇ ਪਾਠ ਤੋਂ ਉਪਰੰਤ ਸਜੇ ਦੀਵਾਨ ਵਿੱਚ ਗੁਰਦੁਆਰਾ ਸ਼ਹੀਦਾਂ ਤੱਲ੍ਹਣ ਸਾਹਿਬ ਦੇ ਹਜ਼ੂਰੀ ਕਥਾਵਾਚਕ ਗਿਆਨੀ ਰਾਜਪਾਲ ਸਿੰਘ ਬੋਪਾਰਾਏ (ਵਿਦਿਆਰਥੀ ਦਮਦਮੀ ਟਕਸਾਲ) ਨੇ ਗੁਰਮਤਿ ਕਥਾ ਵਿਚਾਰਾਂ ਨਾਲ ਸੰਗਤ ਨੂੰ ਨਿਹਾਲ ਕੀਤਾ। ਉਨ੍ਹਾਂ ਨੇ ਗੁਰੂ ਸਾਹਿਬ ਜੀ ਵੱਲੋਂ ਪਾਏ ਪੂਰਨਿਆਂ ਤੇ ਚੱਲਦੇ ਹੋਏ ਜੀਵਨ ਬਤੀਤ ਕਰਨ ਲਈ ਸੰਗਤਾਂ ਨੂੰ ਪ੍ਰੇਰਿਨਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਮਹਾਰਾਜ ਨੇ ਧਰਮ ਦੀ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਆਪਣੀ ਸ਼ਹਾਦਤ ਦੇ ਕੇ ਜ਼ੁਲਮ ਨੂੰ ਠੱਲ੍ਹ ਪਾਈ। ਪਰਉਪਕਾਰ ਹਿਤ ਕਲਜੁੱਗ ਵਿੱਚ ਸਭ ਤੋਂ ਵੱਡਾ ਸਾਕਾ ਵਰਤਾ ਕੇ ਗੁਰੂ ਸਾਹਿਬ ਜੀ ਨੇ ਅਦੁੱਤੀ ਸ਼ਹਾਦਤ ਦਿੰਦਿਆਂ ਲਾਸਾਨੀ ਇਤਿਹਾਸ ਸਿਰਜਿਆ। ਗਿਆਨੀ ਜੀ ਨੇ ਪ੍ਰੇਰਣਾ ਕੀਤੀ ਕਿ ਗੁਰੂ ਸਾਹਿਬ ਜੀ ਦੇ ਆਸ਼ੇ ਅਨੁਸਾਰ ਸਭ ਨੂੰ ਆਪਣੇ ਧਰਮ ਵਿੱਚ ਪ੍ਰਪੱਕ ਰਹਿੰਦੇ ਹੋਏ ਦੂਜਿਆਂ ਦਾ ਯੋਗ ਸਤਿਕਾਰ ਕਰਨਾ

ਆਵਾਜ਼ਿ ਕੌਮ AWAZE QAUM International Newspaper & WEB TV

ਚਾਹੀਦਾ ਹੈ। ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਵੱਲੋਂ ਗਿਆਨੀ ਬੋਪਾਰਾਏ ਜੀ ਦਾ ਸਿਰੋਪਾਉ ਦੇ ਕੇ ਸਨਮਾਨ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਪ੍ਰਸ਼ੋਤਮ ਸਿੰਘ ਨੇ ਗਿਆਨੀ ਰਾਜਪਾਲ ਸਿੰਘ ਬੋਪਾਰਾਏ ਅਤੇ ਹਾਜ਼ਰੀਨ ਸੰਗਤਾਂ ਦਾ ਧੰਨਵਾਦ ਕੀਤਾ। ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਮੌਕੇ ਪ੍ਰਧਾਨ ਭਾਈ ਪ੍ਰਗਟ ਸਿੰਘ ਖ਼ਾਲਸਾ, ਸਾਬਕਾ ਸਰਪੰਚ ਦਿਆਲ ਸਿੰਘ, ਇਸ਼ਵੀਰ ਸਿੰਘ ਪੰਚ, ਲੰਬੜਦਾਰ, ਬੱਬੂ ਸਿੰਘ, ਸੇਵਾ ਸਿੰਘ, ਡਾਕਟਰ ਪਰਮਿੰਦਰ ਸਿੰਘ ਰਾਣਾ, ਅਵਤਾਰ ਸਿੰਘ, ਜਸਪ੍ਰੀਤ ਸਿੰਘ ਜੱਸਾ ਕੁਵੈਤ, ਸਤੇਂਦਰ ਸਿੰਘ ਆਦਿ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਪੀ ਆਰ ਟੀ ਸੀ ਅਤੇ ਪਨ ਬੱਸਾ ਦੇ ਮੁਲਾਜਮਾ ਨਾਲ ਪੰਜਾਬ ਸਰਕਾਰ ਦੇ ਵਤੀਰੇ ਦੀ ਸਖ਼ਤ ਨਿਖੇਧੀ

## ਹੱਕੀ ਮੰਗਾਂ ਤੁਰੰਤ ਮੰਨੀਆਂ ਜਾਣ : ਭਾਈ ਕਰਨੈਲ ਸਿੰਘ ਪੀਰ ਮੁਹੰਮਦ

**ਚੰਡੀਗੜ੍ਹ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਪੰਜਾਬ ਅੰਦਰ ਪਨ ਬਸ ਅਤੇ ਪੀਆਰਟੀਸੀ ਦੇ ਮੁਲਾਜ਼ਮਾਂ ਵੱਲੋਂ ਕੀਤੇ ਜਾ ਰਹੇ ਪੁਰ ਅਮਨ ਸੰਘਰਸ਼ ਦੀ ਜੋਰਦਾਰ ਸਲਾਘਾ ਕਰਦਿਆਂ ਕਿਹਾ ਹੈ ਕਿ ਕਿਸੇ ਨੂੰ ਵੀ ਹੱਕ ਹੈ ਕਿ ਉਹ ਡੈਮੋਕਰੇਟਿਕ ਢੰਗ ਤਰੀਕਿਆਂ ਦੇ ਨਾਲ ਆਪਣੀ ਆਵਾਜ਼ ਬੁਲੰਦ ਕਰ ਸਕੇ ਪਰ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਜਿਸ ਤਰੀਕੇ ਦੇ ਨਾਲ ਮੁਲਾਜ਼ਮਾਂ ਦੇ ਉੱਪਰ ਜਬਰ ਜੁਲਮ ਢਾਇਆ ਜਾ ਰਿਹਾ ਹੈ ਅਤੇ ਉਹਨਾਂ ਨੂੰ ਜਬਰੀ ਸਸਪੈਂਡ ਕੀਤਾ ਜਾ ਰਿਹਾ ਡਿਸਮਿਸ ਕੀਤਾ ਜਾ ਰਿਹਾ ਹੈ ਇਹ ਸਿੱਧੀ ਨਾਦਰਸ਼ਾਹੀ ਹੈ ਇਸ



ਆਵਾਜ਼ਿ ਕੌਮ AWAZE QAUM International Newspaper & WEB TV

ਤੋਂ ਪਹਿਲਾਂ ਜਿਹੜੀਆਂ ਵੀ ਸਰਕਾਰਾਂ ਨੇ ਇਸ ਤਰੀਕੇ ਦਾ ਜਬਰ ਜੁਲਮ ਕੀਤਾ ਹੈ ਉਸ ਨੂੰ ਅਖੀਰ ਮੂੰਹ ਦੀ ਖਾਣੀ ਪਈ ਹੈ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਭਾਈ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਹੈ ਕਿ ਪੰਜਾਬ ਅੰਦਰ ਜਦੋਂ ਵੀ ਕੋਈ ਮੁਲਾਜ਼ਮ ਜਥੇਬੰਦੀ ਆਪਣਾ ਸੰਘਰਸ਼ ਕਰਦੀ ਹੈ ਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਸੇ ਤਰੀਕੇ ਦੇ ਨਾਲ ਧੱਕੇਸ਼ਾਹੀ ਕੀਤੀ ਜਾਂਦੀ ਹੈ। ਜਦਕਿ ਖੁਦ ਆਮ ਆਦਮੀ ਪਾਰਟੀ ਸੰਘਰਸ਼ ਦੇ ਵਿੱਚੋਂ ਨਿਕਲੀ ਹੋਈ ਪਾਰਟੀ ਹੈ ਔਰ ਇਹ ਲਗਾਤਾਰ ਦਿੱਲੀ ਪੰਜਾਬ ਤੇ ਅਲੱਗ ਅਲੱਗ ਥਾਵਾਂ ਦੇ ਉੱਪਰ ਧਰਨੇ ਮੁਜਾਰੇ ਕਰਦੇ ਆਏ ਹਨ। ਇਹਨਾਂ ਦੇ ਆਗੂ ਜਦੋਂ ਸੀਬੀਆਈ ਵੱਲੋਂ ਜਾਂ ਈਡੀ ਵੱਲੋਂ ਫੜੇ ਜਾਂਦੇ ਹਨ ਤਾਂ ਬਕਾਇਦਾ ਪੰਜਾਬ ਸਰਕਾਰ ਦੇ ਮੰਤਰੀ ਮੁੱਖ ਮੰਤਰੀ ਅਤੇ ਐਮਐਲਏ ਖੁਦ ਆਪ ਜਾ ਕੇ ਦਿੱਲੀ ਦੇ ਵਿੱਚ ਧਰਨੇ ਮੁਜਾਰੇ ਕਰਦੇ ਹਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਪਨ ਬਸ ਅਤੇ ਪੀਆਰਟੀਸੀ ਦੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਤੁਰੰਤ ਪੰਜਾਬ ਸਰਕਾਰ ਨੂੰ ਮੰਨ ਲੈਣਾ ਚਾਹੀਦਾ ਔਰ ਜਿਹੜੇ ਮੁਲਾਜ਼ਮਾਂ ਨੂੰ ਸਸਪੈਂਡ ਕੀਤਾ ਗਿਆ ਹੈ ਜਾਂ ਡਿਸਮਿਸ ਕੀਤਾ ਗਿਆ ਉਹਨਾਂ ਨੂੰ ਬਿਨਾਂ ਕਿਸੇ ਦੇਰੀ ਦੇ ਬਹਾਲ ਕੀਤਾ ਜਾਣਾ ਚਾਹੀਦਾ ਹੈ। ਔਰ ਜਿਹੜੇ ਮੁਲਾਜ਼ਮਾਂ ਦੇ ਉੱਪਰ ਧੱਕੇਸ਼ਾਹੀ ਕੀਤੀ ਗਈ ਹੈ ਉਹਨਾਂ ਦੀਆਂ ਦਸਤਾਰਾਂ ਨੂੰ ਉਤਾਰਿਆ ਗਿਆ ਹੈ ਉਹਨਾਂ ਨਾਲ ਕੁੱਟਮਾਰ ਕੀਤੀ ਗਈ ਹੈ ਉਸ ਦੀ ਬਕਾਇਦਾ ਜੁਡੀਸ਼ਅਲੀ ਜਾਂਚ ਹੋਣੀ ਬੇਹੱਦ ਜਰੂਰੀ ਹੈ

### ਤਥਾਂ,ਗਵਾਹੀਆਂ ਅਤੇ ਦਸਤਾਵੇਜ਼ਾਂ ਨੂੰ ਕਲਾਵੇ ਵਿੱਚ ਲੈਂਦੀ ਨਵੀਂ ਪੁਸਤਕ "ਅਕਾਲੀ ਸਿਆਸਤ" ਛਪ ਕੇ ਆਈ

# ਅਗਲੇ ਕੁਝ ਦਿਨਾਂ ਵਿੱਚ ਪ੍ਰੈਸ ਕਲੱਬ ਚੰਡੀਗੜ੍ਹ ਵਿਖੇ ਰਿਲੀਜ਼ ਹੋਵੇਗੀ ਇਹ ਪੁਸਤਕ

**ਅਕਾਲੀ** ਸਿਆਸਤ ਦਾ ਸਿੱਖ ਸਿਆਸਤ ਨਾਲ ਜਿਸਮ ਤੇ ਰੂਹ ਦਾ ਰਿਸ਼ਤਾ ਹੈ। ਪਰ ਜੇ ਇਹ ਟਿੱਪਣੀ ਸ਼੍ਰੋਮਣੀ ਅਕਾਲੀ ਦਲ ਦੇ ਇਤਿਹਾਸ ਉੱਤੇ ਵੀ ਢੁਕਦੀ ਹੈ ਤਾਂ ਇਹ ਪੂਰਾ ਸੱਚ ਨਹੀਂ ਹੋਵੇਗਾ ਅਤੇ ਕਈ ਤਰ੍ਹਾਂ ਦੇ ਸਵਾਲੀਆ ਨਿਸ਼ਾਨ ਸੁਭਾਵਿਕ ਹੀ ਲੱਗ ਜਾਣਗੇ।ਕਾਰਨ ? ਕਾਰਨ ਇਹ ਹੈ ਕਿ ਅਕਾਲੀ ਰਾਜਨੀਤੀ ਨੇ ਸਮੇਂ (ਕਾਲ)ਵਿੱਚ ਰਹਿ ਕੇ ਸਮੇਂ ਤੋਂ ਅੱਗੇ ਦੀ ਗੱਲ (ਅਕਾਲ)ਵੀ ਕਰਨੀ ਸੀ ਜੋ ਮੀਰੀ ਪੀਰੀ ਦੇ ਪਵਿੱਤਰ ਰਿਸ਼ਤੇ ਵਿੱਚ ਸਾਕਾਰ ਹੋਣੀ ਸੀ। ਦੂਜੇ ਸ਼ਬਦਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੇ "ਗਗਨਪੁਰੀ

## ਇੱਕ ਸਦੀ ਦੇ ਅਕਾਲੀ ਇਤਿਹਾਸ ਨੂੰ ਜਾਨਣ ਲਈ ਹਰ ਪੰਜਾਬੀ ਨੂੰ ਪੜ੍ਹਨੀ ਚਾਹੀਦੀ ਹੈ ਇਹ ਪੁਸਤਕ

ਦ੍ਰਿਸ਼ਟੀ" ਦਾ ਧਾਰਨੀ ਬਣਨਾ ਸੀ। ਪਰ ਉਝ ਇਤਿਹਾਸ ਵਿੱਚ ਇੱਕ ਸਮਾਂ ਅਜਿਹਾ ਜ਼ਰੂਰ ਸੀ ਜਦੋਂ ਸ਼੍ਰੋਮਣੀ ਅਕਾਲੀ ਦਲ ਰੂਹ ਦੀ ਪੱਧਰ ਉੱਤੇ ਇਤਿਹਾਸ ਅਤੇ ਗੁਰਬਾਣੀ ਤੋਂ ਰੌਸ਼ਨੀ ਲੈਂਦਾ ਸੀ। ਯਕੀਨਨ ਉਦੋਂ ਸ਼੍ਰੋਮਣੀ ਅਕਾਲੀ ਦਲ ਉਹਨਾਂ ਸਮਿਆਂ ਦੀ ਨਿਰਮਲ ਤੇ ਪ੍ਰਚੰਡ ਆਵਾਜ਼ ਸੀ ਜਾਂ ਇਉਂ ਕਹਿ ਲਵੋ ਕਿ ਉਹ ਉਸ ਦੌਰ ਦਾ ਰਾਈਟ ਗਾਈਸਟ (zeitgeist) ਸੀ। ਉਸ ਕੋਲ ਚੇਤਨਾ ਦੀਆਂ ਡੂੰਘੀਆਂ ਤੈਹਾਂ ਨੂੰ ਝੰਜੋੜਨ ਵਾਲੇ ਵੱਡੇ ਸਵਾਲ ਸਨ।

ਪਰ ਅੱਜ ਅਕਾਲੀ ਦਲ ਦੇ ਕਿਸੇ ਵੀ ਧੜੇ ਦੀ ਲੀਡਰਸ਼ਿਪ ਕੋਲ ਮੌਜੂਦਾ ਵਿਸ਼ਵ ਦੀ ਗਤੀ ਨੂੰ ਸਮਝਣ ਦੀ ਨਾ ਰੁਚੀ ਹੈ ਅਤੇ ਨਾ ਹੀ ਵੇਹਲ।ਉਹਨਾਂ ਦੇ ਅੰਦਰ ਦਾਰਸ਼ਿਨਕ ਗਹਿਰਾਈ ਵੀ ਨਹੀਂ ਅਤੇ ਇਸ ਦੇ ਮੁੜ ਜਾਗ ਪੈਣ ਦੀਆਂ ਸੰਭਾਵਨਾਵਾਂ ਵੀ ਨਜ਼ਰ ਨਹੀਂ ਪੈਂਦੀਆਂ।ਇਸ ਲਈ ਅਕਾਲੀ ਰਾਜਨੀਤੀ ਦੀ ਪਹਿਲ-ਤਾਜ਼ਗੀ ਦਾ ਅੰਮ੍ਰਿਤ ਵੇਲਾ ਚੜਨ ਦੇ ਅਸਾਰ ਵੀ ਘੱਟ ਹੀ ਦਿਖਾਈ ਦਿੰਦੇ ਹਨ। ਪਰ ਅੱਜ ਅਸੀਂ ਉਸ ਵਿਸ਼ੇ ਵੱਲ ਮੁੜਨਾ ਚਾਹੁੰਦੇ ਹਾਂ ਜੋ ਵੱਖਰੇ ਦ੍ਰਿਸ਼ਟੀਕੋਣ ਤੋਂ ਅਕਾਲੀ ਸਿਆਸਤ ਨਾਲ ਸੰਬੰਧ ਰੱਖਦਾ ਹੈ।

ਦੋਸਤੋ,ਕੀ ਸਾਡੇ ਅੰਦਰ ਇਹ ਰੀਝ ਕਦੇ ਕਦੇ ਜਗਦੀ ਹੈ ਕਿ ਕੋਈ ਜਣਾ ਸਾਨੂੰ ਸਿਲਸਿਲੇਵਾਰ ਅਕਾਲੀ ਸਿਆਸਤ ਦੇ ਉਤਰਾਵਾਂ-ਚੜ੍ਹਾਵਾਂ ਜਾਂ ਇਸ ਸਿਆਸਤ ਦੇ ਚੜਦੇ-ਲਹਿੰਦੇ ਸੂਰਜਾਂ ਦੀ ਜਾਣਕਾਰੀ ਦੇਵੇ ਅਤੇ ਉਹ ਜਾਣਕਾਰੀ ਵੀ ਤੱਥਾਂ ਉੱਤੇ ਅਧਾਰਿਤ ਹੋਵੇ ?ਨਾਲ ਦੀ ਨਾਲ ਘਟਨਾਵਾਂ ਦੀਆਂ ਤਰੀਕਾਂ ਦਾ ਵੀ ਜ਼ਿਕਰ ਹੋਵੇ ਅਤੇ ਸਾਨੂੰ ਉਹਨਾਂ ਮਹੱਤਵਪੂਰਨ ਦਸਤਾਵੇਜ਼ਾਂ ਦਾ ਵੀ ਪਤਾ ਲੱਗੇ ਜਿਨਾਂ ਦਾ ਇਤਿਹਾਸ ਵਿੱਚ ਅਹਿਮ ਸਥਾਨ ਹੈ ?

ਇਹ ਰੀਝ ਪੂਰੀ ਕੀਤੀ ਹੈ ਕੰਵਰਜੀਤ ਸਿੰਘ ਸਿੱਧੂ ਨੇ ਆਪਣੀ ਕਿਤਾਬ ਵਿੱਚ ਜਿਸ ਦਾ ਨਾਂ ਹੈ "ਅਕਾਲੀ ਸਿਆਸਤ।" ਬਿਬੇਕਗੜ੍ਹ ਪ੍ਰਕਾਸ਼ਨ ਵੱਲੋਂ ਛਾਪੀ ਇਹ ਕਿਤਾਬ 597ਪੰਨਿਆਂ ਵਿੱਚ ਫੈਲੀ ਹੋਈ ਹੈ।






ਕੰਵਰਜੀਤ ਸਿੰਘ ਭਾਸ਼ਾ ਵਿਭਾਗ ਵਿੱਚ ਰਿਸਰਚ ਅਫਸਰ ਦੇ ਪਦ ਉੱਤੇ ਕੰਮ ਕਰਦੇ ਹਨ ਅਤੇ ਪੰਜਾਬ ਦੀ ਰਾਜਨੀਤੀ ਨੂੰ ਬਰੀਕੀ ਨਾਲ ਜਾਨਣ ਤੇ ਵਿਸ਼ਲੇਸ਼ਣ ਕਰਨ ਦੀ ਗੰਭੀਰ ਰੁਚੀ ਵੀ ਰੱਖਦੇ ਹਨ।ਲੇਖਕ ਨੇ ਪੂਰਾ ਯਤਨ ਕੀਤਾ ਹੈ ਕਿ ਅਕਾਲੀ ਸਿਆਸਤ ਵਿੱਚ 1920 ਤੋਂ 2025 ਦਰਮਿਆਨ ਵਾਪਰੀਆਂ ਮਹੱਤਵਪੂਰਨ ਘਟਨਾਵਾਂ ਅਤੇ ਅਹਿਮ ਦਸਤਾਵੇਜ਼ਾਂ ਨੂੰ ਕਿਤਾਬ ਵਿੱਚ ਥਾਂ ਦਿੱਤੀ ਜਾਵੇ ਵੈਸੇ ਅਕਾਲੀ ਦਲ ਦੀ ਕਾਇਮੀ ਦੇ ਆਰ ਪਾਰ ਵਾਲੇ ਪਹਿਲੇ ਕਾਂਡ ਵਿੱਚ ਅਕਾਲੀ ਸਿਆਸਤ ਦੇ ਪਿਛੋਕੜ ਵਿੱਚ ਜਾਂਦਿਆਂ 1849 ਵਿੱਚ ਅੰਗਰੇਜ਼ਾਂ ਦੇ ਪੰਜਾਬ ਵਿੱਚ ਕਬਜ਼ੇ ਪਿੱਛੋਂ ਵਾਪਰੀਆਂ ਅਹਿਮ ਘਟਨਾਵਾਂ ਦਾ ਜ਼ਿਕਰ 1920 ਤੱਕ ਕੀਤਾ ਗਿਆ ਹੈ ਜਿੱਥੋਂ ਅਕਾਲੀ ਦਲ ਦੀ ਪ੍ਰਭਾਵਤ ਚੜ੍ਹਦੀ ਹੈ ਜਾਂ ਇੰਝ ਕਹਿ ਲਓ ਕਿ ਅਕਾਲੀ ਦਲ ਦੀ ਸਥਾਪਨਾ ਹੁੰਦੀ ਹੈ। ਇਹ ਘਟਨਾ ਇਤਿਹਾਸ ਦੀ ਅਮੁਲ ਯਾਦਗਾਰ ਹੈ ਕਿਉਂਕਿ ਇਸ ਅਹਿਮ ਘਟਨਾ ਨਾਲ ਸਿੱਖ ਇਤਿਹਾਸ ਨੂੰ ਰਾਜਨੀਤਕ ਰੰਗ ਚੜਦਾ ਹੈ।ਉਸ ਤੋਂ ਪਿੱਛੋਂ ਇਸ ਪਾਰਟੀ ਦੀਆਂ ਸਿਖਰ ਦੁਪਹਿਰਾਂ ਅਤੇ ਢਲਦੀਆਂ ਸ਼ਾਮਾਂ ਦੀ ਦਾਸਤਾਨ 2025 ਈਸਵੀ ਤੱਕ ਸਫਰ ਕਰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਕੰਵਰਜੀਤ ਸਿੰਘ ਦੀ ਕਿਤਾਬ ਦਾ ਦੂਜਾ ਅਧਿਆਇ ਪਾਠਕਾਂ ਵਿੱਚ ਵਿਸ਼ੇਸ਼ ਦਿਲਚਸਪੀ ਜਗਾਵੇਗਾ, ਕਿਉਂਕਿ 1925 ਤੋਂ 1947 ਤੱਕ ਕਰੀਬ 100 ਪੰਨਿਆਂ ਵਿਚ ਛਪੇ ਇਤਿਹਾਸ ਨੂੰ ਲੇਖਕ ਵੱਲੋਂ ÷ਦੁਚਿਤੀ ਅਤੇ ਤ੍ਰਾਸਦੀ" ਦਾ ਨਾਂ ਦਿੱਤਾ ਗਿਆ ਹੈ; ਕਿਉਂਕਿ ਇਹ ਉਹ ਕਾਂਡ ਹੈ ਅਤੇ ਉਹ ਦੌਰ ਹੈ ਜਿਸ ਵਿੱਚ ਸਿੱਖ ਕੌਮ ਦੀ ਤਕਦੀਰ ਦੇ ਫੈਸਲੇ ਹੋਣੇ ਹਨ। ਦਿਲਚਸਪ ਸੱਚ ਇਹ ਹੈ ਕਿ ਲੇਖਕ ਨੇ ਇਸ ਕਾਂਡ ਵਿੱਚ ਸਿੱਖ ਕੌਮ ਦੇ ਰਾਜਨੀਤਿਕ ਖਿਡਾਰੀਆਂ ਦੀ ਗੁਫਤਾਰ ਅਤੇ ਰਫਤਾਰ ਤੱਥਾਂ ਤੇ ਦਸਤਾਵੇਜ਼ਾਂ ਰਾਹੀਂ ਪੇਸ਼ ਕੀਤੀ ਹੈ ਅਤੇ ਆਪਣੇ ਵੱਲੋਂ ਕੋਈ ਵੀ ਗੰਭੀਰ ਵਿਸ਼ਲੇਸ਼ਣ ਨਹੀਂ ਕੀਤਾ।ਇਹੋ ਇਸ ਕਿਤਾਬ ਦੇ ਅਸਲ ਵਿੱਚ ਵੱਡੀ ਪ੍ਰਾਪਤੀ ਹੈ ਕਿਉਂਕਿ ਤੱਥਾਂ ਦੇ ਡੂੰਘੇ ਅਰਥ ਕੀ ਹੁੰਦੇ ਹਨ,ਇਸ ਦੇ ਇਤਿਹਾਸ ਵਿੱਚ ਕੀ ਨਤੀਜੇ ਨਿਕਲੇ ਜਾਂ ਨਿਕਲਣੇ ਚਾਹੀਦੇ ਸਨ,ਉਹ ਵਿਸ਼ਲੇਸ਼ਣ ਤੇ ਰਾਵਾਂ ਦਾ ਸਿਲਸਿਲਾ ਪਾਠਕਾਂ ਤੇ ਗੰਭੀਰ ਇਤਿਹਾਸਕਾਰਾਂ ਦੇ ਵਿਵੇਕ ਉੱਤੇ ਛੱਡਿਆ ਗਿਆ ਹੈ। ਲੇਖਕ ਪੰਜਾਬੀ ਸੂਬੇ ਦੀ ਜਦੋਜਹਿਦ ਅਤੇ ਧਰਮ ਯੁੱਧ ਦੇ ਆਰ ਪਾਰ ਵਾਲੇ ਕਾਂਡਾਂ ਤੋਂ ਇਲਾਵਾ ਫਿਰ ਉਸ ਅਹਿਮ ਕਾਂਡ ਵੱਲ ਪਰਤਦਾ ਹੈ ਜਿਸ ਕਾਂਡ ਵਿੱਚ ਉਹ ਸਮਝਦਾ ਹੈ ਕਿ ਅਕਾਲੀ ਸਿਆਸਤ ਹੁਣ "ਸੱਤਾ ਤੋਂ ਹਾਸ਼ੀਏ" ਵੱਲ ਜਾ ਰਹੀ ਹੈ। ਇਹ ਕਾਂਡ 1998 ਤੋਂ ਸ਼ੁਰੂ ਹੋ ਕੇ 2025 ਤੱਕ ਖਤਮ ਹੁੰਦਾ ਹੈ।ਦੂਜੇ ਸ਼ਬਦਾਂ ਵਿੱਚ ਇਸੇ ਕਾਂਡ ਵਿੱਚ ਵੱਡਾ ਸ਼੍ਰੋਮਣੀ ਅਕਾਲੀ ਦਲ ਆਪਣਾ ਵਿਸ਼ੇਸ਼,ਵਿਸ਼ਾਲ ਪ੍ਰਭਾਵ ਗਵਾ ਲੈਂਦਾ ਹੈ ਤੇ ਉਸਦੇ ਆਪਣੇ ਵਿੱਚੋਂ ਹੀ ਇੱਕ ਹੋਰ ਪਾਰਟੀ ਜਨਮ ਲੈਂਦੀ ਹੈ ਜਿਸ ਨੂੰ "ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ" ਦਾ ਨਾਂ ਦਿੱਤਾ ਗਿਆ।

ਤੱਥ-ਅਧਾਰਤ ਵੀਹਵੀਂ ਸਦੀ ਦੀ ਸਿੱਖ ਰਾਜਨੀਤੀ ਨੂੰ ਸਮਝਣ ਲਈ ਅਕਾਲੀ ਦਲ ਦੇ ਸਾਰੇ ਧੜਿਆਂ ਦੇ ਆਗੂਆਂ ਤੇ ਗੰਭੀਰ ਕਾਰਕੁਨਾ ਤੋਂ ਇਲਾਵਾ ਕਈ ਧੜਿਆਂ ਵਿੱਚ ਵੰਡੇ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਆਗੂਆਂ,ਦਮਦਮੀ ਟਕਸਾਲਾਂ ,ਅਖੰਡ ਕੀਰਤਨੀ ਜਥਿਆਂ,ਅਕਾਲੀ ਰਾਜਨੀਤੀ ਅਤੇ ਸਿੱਖ ਰਾਜਨੀਤੀ ਨੂੰ ਨੇੜਿਓਂ ਵੇਖਣ ਤੇ ਪਰਖਣ ਦੇ ਚਾਹਵਾਨਾ,ਸਿੱਖ ਸਾਵਰਨ ਸਟੇਟ ਦੀ ਸਥਾਪਨਾ ਲਈ ਜੂਝ ਰਹੀਆਂ ਸ਼ਖਸ਼ੀਅਤਾਂ ਤੇ ਸਿੱਖ ਰਾਜਨੀਤੀ ਤੋਂ ਬਾਹਰ ਵਿਚਰ ਰਹੀਆਂ ਰਾਜਨੀਤਿਕ ਪਾਰਟੀਆਂ ਦੇ ਆਗੂਆਂ,ਗੰਭੀਰ ਵਿਦਿਆਰਥੀਆਂ ਨੂੰ ਲਾਜ਼ਮੀ ਇਹ ਪੁਸਤਕ ਪੜ੍ਹਨੀ ਚਾਹੀਦੀ ਹੈ;ਕਿਉਂਕਿ ਵਰਤਮਾਨ ਨੂੰ ਸਮਝਣ ਲਈ ਅਤੇ ਭਵਿੱਖ ਦੇ ਰਸਤੇ ਤੈਅ ਕਰਨ ਲਈ ਆਪਣੇ ਇਤਿਹਾਸ ਦੀ ਗੰਭੀਰ ਤੇ ਬਹੁਪਰਤੀ ਜਾਣਕਾਰੀ ਲਾਜ਼ਮੀ ਹੈ।

ਪ੍ਰਸਿੱਧ ਇਤਿਹਾਸਕਾਰ ਈ ਐਚ ਕਾਰ ਦਾ ਇਹ ਕਥਨ ਕਿੰਨਾ ਪਿਆਰਾ ਹੈ ਕਿ "ਇਤਿਹਾਸ ਅਸਲ ਵਿੱਚ ਸਾਡੇ ਪੁਰਖਿਆਂ ਦਾ ਵਰਤਮਾਨ ਦੇ ਆਗੂਆਂ ਨਾਲ ਇਕ ਸੰਵਾਦ ਹੈ।" ਇਸ ਸੰਵਾਦ ਨੂੰ ਸਮਝਣ ਲਈ ਕੰਵਰਜੀਤ ਸਿੰਘ ਦੀ ਮਿਹਨਤ,ਯਤਨ ਅਤੇ ਤਿਆਗ ਨੂੰ ਮੁਬਾਰਕਬਾਦ।

**-ਕਰਮਜੀਤ ਸਿੰਘ ਚੰਡੀਗੜ੍ਹ**
**ਸੀਨੀਅਰ ਪੱਤਰਕਾਰ**





*ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਨਗਰ ਕੀਰਤਨ ਦੌਰਾਨ ਮੌਜੂਦ ਬਾਬਾ ਚਰਨਜੀਤ ਸਿੰਘ ਜੱਸੋਵਾਲ, ਬਾਬਾ ਸਵਰਨਜੀਤ ਸਿੰਘ ਤਰਨਾ ਦਲ, ਬਾਬਾ ਬਲਵਿੰਦਰ ਸਿੰਘ ਰੋਡੇ ਅਤੇ ਹੋਰ ਸ਼ਖ਼ਸੀਅਤਾਂ। (ਸੱਜੇ) ਸੰਬੋਧਨ ਕਰਦੇ ਹੋਏ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ।*

## 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਜਾਇਆ ਗਿਆ 25ਵਾਂ ਨਗਰ ਕੀਰਤਨ

# ਅਗਲਾ ਮਹੀਨਾ ਸ਼ਹੀਦੀਆਂ ਦਾ, ਸਰਬੱਤ ਦੇ ਭਲੇ ਦੀ ਕਰੋ ਅਰਦਾਸ : ਸਿੰਘ ਸਾਹਿਬ ਗਿ: ਜਸਵੀਰ ਸਿੰਘ ਰੋਡੇ

**ਵਿਸ਼ੇਸ਼ ਰਿਪੋਰਟ * ਆਵਾਜ਼ਿ ਕੌਮ, ਯੂ. ਕੇ.**

ਇੰਟਰਨੈਸ਼ਨਲ ਪੰਥਕ ਦਲ ਵੱਲੋਂ ਨੌਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅਨਿਨ ਸੇਵਕ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲ ਦਾਸ ਜੀ ਦੇ ਮਹਾਨ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੰਜਾਬ ਭਰ ਵਿੱਚ ਚਲਾਈ ਜਾ ਰਹੀ 40 ਨਗਰ ਕੀਰਤਨਾਂ ਦੀ ਲੜੀ ਤਹਿਤ ਅੱਜ 25ਵਾਂ ਵਿਸ਼ਾਲ ਨਗਰ ਕੀਰਤਨ ਇਤਿਹਾਸਕ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੁੱਦਕੀ ਤੋਂ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਇਹ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋ ਕੇ ਪਿੰਡ ਲੁਹਾਮਾਂ, ਪੱਤਲੀ, ਭੋਲੂਵਾਲਾ, ਲੱਲੇ, ਤੂੰਬੜਭੰਗ, ਕੋਟਲਾ ਖੁਰਦ, ਕੋਟਕ ਰੋਡ ਤੋਂ ਹੁੰਦੇ ਹੋਏ ਪਿੰਡ ਫਿੱਡੇ ਜਾ ਕੇ ਸਮਾਪਤ ਹੋਇਆ। ਇਸ ਮੌਕੇ ਗੁਰਬਾਣੀ ਪ੍ਰਤੀ ਲਗਾਓ ਅਤੇ ਗੁਰਸਿੱਖੀ ਪ੍ਰਤੀ ਜਾਗ੍ਰਿਤੀ ਦੀ ਲਹਿਰ ਨੂੰ ਹੋਰ ਪ੍ਰਚੰਡ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਨੇ ਸੰਗਤ ਨੂੰ ਗੁਰੂ ਘਰ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਨਗਰ ਕੀਰਤਨ ਦੌਰਾਨ ਵੱਖ-ਵੱਖ ਠਹਿਰਾਓ ਮੌਕੇ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਅਨਿਨ ਸੇਵਕਾਂ ਦੀ ਸ਼ਹਾਦਤ ਬਾਰੇ ਵਿਸਥਾਰ ਨਾਲ

## ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੁੱਦਕੀ ਤੋਂ ਸ਼ੁਰੂ ਹੋ ਕੇ ਪਿੰਡ ਫਿੱਡੇ ਜਾ ਕੇ ਸਮਾਪਤ ਹੋਇਆ ਨਗਰ ਕੀਰਤਨ



*ਨਗਰ ਕੀਰਤਨ ਦੌਰਾਨ ਮੰਤਰ-ਮੁਗਧ ਹੋਈ ਸੰਗਤ।*

ਸੰਗਤ ਨੂੰ ਜਾਣਕਾਰੀ ਦਿੱਤੀ। ਇਸ ਮੌਕੇ ਸਿੰਘ ਸਾਹਿਬ ਜੀ ਨੇ ਕਿਹਾ ਕਿ ਸੰਸਾਰ ਵਿੱਚ ਅਜਿਹਾ ਕੋਈ ਪੀਰ-ਪੈਗੰਬਰ ਨਹੀਂ ਹੋਇਆ, ਜਿਸ ਨੇ ਦੂਸਰੇ ਦੇ ਧਰਮ ਲਈ ਆਪਣਾ ਸੀਸ ਦਿੱਤਾ ਹੋਵੇ। ਕਿਰਪਾ ਰਾਮ ਦੀ ਅਗਵਾਈ ਹੇਠ ਆਏ ਪੰਡਿਤਾਂ ਨੇ ਜਦ ਗੁਰੂ ਸਾਹਿਬ ਨੂੰ ਬੇਨਤੀ ਕੀਤੀ ਕਿ ਸੱਚੇ ਪਾਤਸ਼ਾਹ ਜੀ ਸਾਡਾ ਧਰਮ ਖਤਰੇ ਵਿੱਚ ਹੈ, ਸਾਨੂੰ ਬਚਾਓ। ਔਰੰਗਜ਼ੇਬ ਹਰ ਦਿਨ ਸਵਾ-ਸਵਾ ਮਣ ਜਨੇਊ ਲਹਾ ਕੇ ਪ੍ਰਸ਼ਾਦਾ ਛਕਦਾ ਹੈ। ਇਸ ਦੇ ਜਵਾਬ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਕਿਹਾ ਕਿ ਤੁਹਾਡੀ ਜਾਨ ਕੋਈ ਧਰਮੀ ਹੀ ਬਚਾਅ ਸਕਦਾ ਹੈ ਇਸ ਲਈ ਸੀਸ ਦੇਣਾ ਪਵੇਗਾ। ਇਹ ਸਭ ਸੁਣ ਕੇ ਮਦਦ ਮੰਗਣ ਲਈ ਆਏ ਸਾਰਿਆਂ ਦੇ ਸਿਰ ਝੁਕ ਗਏ।

ਇਸੇ ਦੌਰਾਨ ਸਭਾ ਵਿੱਚ ਧੰਨ ਗੋਬਿੰਦ ਰਾਏ ਜੀ (ਸ੍ਰੀ ਗੁਰੂ ਗੋਬਿੰਦ ਸਿੰਘ ਜੀ) ਆਏ ਅਤੇ ਕਿਹਾ ਪਿਤਾ ਜੀ ਤੁਹਾਡੇ ਨਾਲੋਂ ਵੱਡਾ ਧਰਮੀ ਕੌਣ ਹੈ, ਤੁਹਾਨੂੰ ਹੀ ਇਨ੍ਹਾਂ ਦਾ ਧਰਮ ਬਚਾਉਣਾ ਪਵੇਗਾ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਜਦ ਆਪਣੇ ਪੁੱਤਰ ਦੇ ਮੂੰਹੋਂ ਇਹ ਸਭ ਸੁਣਿਆ ਤਾਂ ਉਨ੍ਹਾਂ ਮਦਦ ਮੰਗਣ ਵਾਲਿਆਂ ਨੂੰ ਕਿਹਾ ਜਾਓ ਜਾ ਕੇ ਔਰੰਗਜ਼ੇਬ ਨੂੰ ਕਹਿ ਦਿਓ ਕਿ ਜੇ ਸਾਡੇ ਗੁਰੂ ਨੇ ਤੁਹਾਡਾ ਇਸਲਾਮ ਕਬੂਲ ਲਿਆ ਤਾਂ ਸਾਨੂੰ ਵੀ ਸਭ ਕਬੂਲ ਹੋਵੇਗਾ।

ਸਿੰਘ ਸਾਹਿਬ ਜੀ ਨੇ ਕਿਹਾ ਕਿ ਅਗਲਾ ਦਸੰਬਰ ਦਾ ਮਹੀਨਾ ਸਿੰਘਾਂ-ਸਿੰਘਣੀਆਂ ਦੀਆਂ ਸ਼ਹੀਦੀਆਂ ਦਾ ਹੈ ਅਤੇ ਅਸੀਂ ਅੱਜ ਤੋਂ ਹੀ ਹਰੇਕ ਜੀਅ ਨੇ ਰੋਜ਼ਾਨਾ ਜਪੁਜੀ ਸਾਹਿਬ ਦਾ ਪਾਠ ਜ਼ਰੂਰ ਕਰਨਾ ਹੈ ਅਤੇ ਇਸ ਨਿਤਨੇਮ ਨੂੰ ਸਮੁੱਚਾ ਮਹੀਨਾ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਹੈ। ਪਾਠ ਕਰਕੇ ਮਹਾਰਾਜ ਸੱਚੇ ਪਾਤਸ਼ਾਹ ਅੱਗੇ ਨਸ਼ਾਮੁਕਤੀ ਦੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਵੀ ਕਰਨੀ ਹੈ, ਜਿਸ ਨਾਲ ਸਾਡੀ ਕਮਜ਼ੋਰ ਮਾਨਸਿਕਤਾ ਦੂਰ ਹੋਵੇਗੀ। ਨਗਰ ਕੀਰਤਨ ਦਾ ਹਰੇਕ ਪਿੰਡ ਵਿੱਚ ਸੰਗਤਾਂ ਵੱਲੋਂ ਵਿਸ਼ੇਸ਼ ਸਵਾਗਤ ਕੀਤਾ ਗਿਆ, ਅਟੁੱਟ ਲੰਗਰ ਵਰਤਾਏ ਗਏ। ਗੁਰਬਾਣੀ ਗਾਇਨ ਨੂੰ ਸੰਗਤਾਂ ਨੇ ਇਕ ਮੰਨ ਚਿਤ ਹੋ ਕੇ ਸਰਵਣ ਕੀਤਾ। ਪੰਜ ਪਿਆਰਿਆਂ ਦਾ ਸਿਰੋਪਾਓ ਬਖਸ਼ਿਸ਼ ਕਰਕੇ ਸਨਮਾਨ ਕੀਤਾ ਗਿਆ।

ਇਸ ਮੌਕੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਕਮੇਟੀ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ, ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੁਆਬਾ, ਭਾਈ ਬਲਵਿੰਦਰ ਸਿੰਘ ਮੁੱਦਕੀ, ਭਾਈ ਹਰਵਿੰਦਰ ਸਿੰਘ ਮੁੱਦਕੀ, ਭਾਈ ਬਲਵੀਰ ਸਿੰਘ ਕੱਬਰ ਵੱਛਾ, ਭਾਈ ਰੇਸ਼ਮ ਸਿੰਘ ਕੱਬਰ ਵੱਛਾ, ਭਾਈ ਜਗਤਾਰ ਸਿੰਘ ਰੋਡੇ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਬਲਵਿੰਦਰ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਜਨਮ ਅਸਥਾਨ ਪਿੰਡ ਰੋਡੇ, ਭਾਈ ਜਗਸੀਰ ਸਿੰਘ ਪ੍ਰਧਾਨ ਤੇ ਹੋਰ ਪ੍ਰਸਿੱਧ ਸ਼ਖ਼ਸੀਅਤਾਂ ਹਾਜ਼ਰ ਸਨ।

### ਲਖੀਮਪੁਰ ਵਿੱਚ ਰਾਹ ਮੰਗਣ 'ਤੇ ਗੁਰਦੁਆਰੇ ਦੇ ਸੇਵਾਦਾਰਾਂ ਦੀ ਕੁੱਟਮਾਰ

# ਪੱਗਾਂ ਉਤਾਰ ਕੇਸਾਂ ਦੀ ਕੀਤੀ ਬੇਅਦਬੀ



ਨਵੀਂ ਦਿੱਲੀ 29 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-ਲਖੀਮਪੁਰ ਖੇੜੀ ਵਿੱਚ ਇੱਕ ਗੁਰਦੁਆਰੇ ਦੇ ਦੋ ਸੇਵਾਦਾਰਾਂ 'ਤੇ ਹਮਲਾ ਕੀਤਾ ਗਿਆ। ਨਿਘਾਸਨ ਥਾਣਾ ਖੇਤਰ ਦੇ ਅਧੀਨ ਆਉਂਦੇ ਪਿੰਡ ਲੁਧੌਰੀ ਵਿੱਚ, ਕੁਝ ਬਦਮਾਸ਼ਾਂ ਨੇ ਉਨ੍ਹਾਂ ਦੀਆਂ ਪੱਗਾਂ ਉਤਾਰ ਦਿੱਤੀਆਂ ਅਤੇ ਰਾਹ ਮੰਗਣ 'ਤੇ ਉਨ੍ਹਾਂ ਨੂੰ ਲੋਹੇ ਦੀਆਂ ਰਾਡਾਂ ਅਤੇ ਡੰਡਿਆਂ ਨਾਲ ਕੁੱਟਿਆ। ਇਹ ਘਟਨਾ ਇੱਕ ਦੁਕਾਨ ਵਿੱਚ ਲੱਗੇ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ ਸੀ, ਜਿਸਦੀ ਵੀਡੀਓ ਹੁਣ ਸਾਹਮਣੇ ਆਈ ਹੈ। ਪੀੜਤ ਸੇਵਾਦਾਰਾਂ ਨੇ ਪੁਲਿਸ ਕੋਲ ਇੱਕ ਲਿਖਤੀ ਸ਼ਿਕਾਇਤ ਦਰਜ ਕਰਵਾਈ ਹੈ ਜਿਸ ਵਿੱਚ ਮੁਲਜ਼ਮਾਂ ਦਾ ਨਾਮ ਲਿਆ ਗਿਆ ਹੈ ਅਤੇ ਮੁਲਜ਼ਮਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਹੈ। ਗੋਵਿੰਦਪੁਰ ਫਾਰਮ ਦੇ ਵਸਨੀਕ ਸਰਵਣ ਸਿੰਘ ਦੇ ਪੁੱਤਰ ਮਨਪ੍ਰੀਤ ਸਿੰਘ ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਹੈ ਕਿ ਵੀਰਵਾਰ ਸ਼ਾਮ ਨੂੰ ਉਹ ਅਤੇ ਉਸਦਾ ਦੋਸਤ ਗੁਰਵਿੰਦਰ ਸਿੰਘ, ਪੁੱਤਰ ਕਸ਼ਮੀਰ ਸਿੰਘ, ਮੋਟਰਸਾਈਕਲ 'ਤੇ ਘਰ ਵਾਪਸ ਆ ਰਹੇ ਸਨ। ਉਹ ਸੰਪੂਰਨਨਗਰ ਥਾਣਾ ਖੇਤਰ ਦੇ ਅਧੀਨ ਪੈਂਦੇ ਪਿੰਡ ਮਹੰਗਾਪੁਰ ਤੋਂ ਬਿਰਜਾਪੁਰਵਾ ਵਿਖੇ ਅਖੰਡ ਪਾਠ ਦੀ ਰੋਲ ਲਗਾ ਕੇ ਵਾਪਸ ਆ ਰਹੇ ਸਨ। ਸ਼ਿਕਾਇਤ ਅਨੁਸਾਰ, ਬਿਹਾਰੀਪੁਰਵਾ ਦੇ ਰਹਿਣ ਵਾਲੇ ਅਜੈ, ਵਿਜੇ, ਅੰਕਿਤ, ਅਖਿਲੇਸ਼, ਅਨੁਜ, ਸੋਨੂੰ ਅਤੇ ਸ਼ੁਭਮ ਨੇ 8-10 ਅਣਪਛਾਤੇ ਸਾਥੀਆਂ ਨਾਲ ਮਿਲ ਕੇ ਲੁਧੌਰੀ ਪਿੰਡ ਵਿੱਚ ਡਾਕਟਰ ਨਿਸਾਰ ਅਹਿਮਦ ਦੇ ਘਰ ਨੇੜੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਜ਼ਬਰਦਸਤੀ ਰੋਕਿਆ। ਮੁਲਜ਼ਮਾਂ ਨੇ ਮਨਪ੍ਰੀਤ ਸਿੰਘ ਅਤੇ ਗੁਰਵਿੰਦਰ ਸਿੰਘ 'ਤੇ ਜਾਤੀਵਾਦੀ ਗਾਲਾਂ ਕੱਢੀਆਂ ਅਤੇ ਉਨ੍ਹਾਂ ਨੂੰ ਲੋਹੇ ਦੀਆਂ ਰਾਡਾਂ, ਤਾਰਾਂ ਅਤੇ ਡੰਡਿਆਂ ਨਾਲ ਕੁੱਟਿਆ। ਉਨ੍ਹਾਂ ਨੇ ਉਨ੍ਹਾਂ ਦੀਆਂ ਪੱਗਾਂ ਇਹ ਕਹਿੰਦੇ ਹੋਏ, "ਪੱਗਾਂ ਉਨ੍ਹਾਂ ਦੀ ਇੱਜ਼ਤ ਹਨ, ਉਨ੍ਹਾਂ ਦੀਆਂ ਪੱਗਾਂ ਉਤਾਰ ਦਿਓ।" ਫਿਰ ਉਨ੍ਹਾਂ ਨੇ ਉਨ੍ਹਾਂ ਦੇ ਵਾਲ ਖਿੱਚ ਲਏ।

ਆਵਾਜ਼ਿ ਕੌਮ AWAZE QAUM International Newspaper & WEB TV

ਪੀੜਤਾਂ ਨੇ ਦੱਸਿਆ ਕਿ ਇਸ ਘਟਨਾ ਨੇ ਉਨ੍ਹਾਂ ਦੇ ਧਰਮ ਅਤੇ ਸਨਮਾਨ ਨੂੰ ਠੇਸ ਪਹੁੰਚਾਈ ਹੈ, ਅਤੇ ਉਨ੍ਹਾਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਦੋਸ਼ੀ ਸ਼ਕਤੀਸ਼ਾਲੀ ਅਤੇ ਗੁੰਡੇ ਸਨ ਅਤੇ ਉਨ੍ਹਾਂ ਨੂੰ ਜਾਨੋਂ ਮਾਰਨ ਦੀ ਧਮਕੀ ਵੀ ਦਿੱਤੀ ਸੀ। ਨਿਘਾਸਨ ਪੁਲਿਸ ਇੰਸਪੈਕਟਰ ਮਹੇਸ਼ ਚੰਦਰ ਨੇ ਕਿਹਾ ਕਿ ਬਾਈਕ ਸਵਾਰਾਂ 'ਤੇ ਹਮਲੇ ਦੇ ਸਬੰਧ ਵਿੱਚ ਪੀੜਤ, ਇੱਕ ਸਿੱਖ ਨੌਜਵਾਨ ਦੀ ਸ਼ਿਕਾਇਤ ਦੇ ਆਧਾਰ 'ਤੇ ਦੋਸ਼ੀ ਵਿਰੁੱਧ ਮਾਮਲਾ ਦਰਜ ਕਰ ਲਿਆ ਗਿਆ ਹੈ।

# ਕੈਬਨਿਟ ਮੰਤਰੀ ਬੈਂਸ ਸੀਸ ਸਸਕਾਰ ਦਿਵਸ ਮੌਕੇ ਗੁ: ਸੀਸ ਗੰਜ ਸਾਹਿਬ ਵਿਖੇ ਹੋਏ ਨਤਮਸਤਕ

### ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸ਼ਾਨੀ ਸ਼ਹਾਦਤ ਦੀ ਮਿਸਾਲ ਸਮੁੱਚੀ ਲੋਕਾਈ ਵਿੱਚ ਨਹੀ ਮਿਲਦੀ- ਹਰਜੋਤ ਸਿੰਘ ਬੈਂਸ

### ਵਿਸ਼ਾਲ ਸੀਸ ਮਾਰਗ ਨਗਰ ਕੀਰਤਨ ਵਿੱਚ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕੀਤੀ ਸ਼ਮੂਲੀਅਤ





**ਸ੍ਰੀ ਅਨੰਦਪੁਰ ਸਾਹਿਬ 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਅੱਜ ਗੁਰਦੁਆਰਾ ਸੀਸ ਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਮੱਥਾ ਟੇਕ ਕੇ ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸ਼ਾਨੀ ਸ਼ਹਾਦਤ ਨੂੰ ਨਮਨ ਕੀਤਾ। ਕੈਬਨਿਟ ਮੰਤਰੀ ਨੇ ਸੀਸ ਸਸਕਾਰ ਦਿਵਸ ਦੇ ਪਾਵਨ ਮੌਕੇ ਵਿਸ਼ਾਲ ਸੀਸ ਮਾਰਗ ਨਗਰ ਕੀਰਤਨ ਵਿੱਚ ਹਾਜ਼ਰੀ ਭਰੀ ਅਤੇ ਸੰਗਤਾਂ ਨਾਲ ਮਿਲ ਕੇ ਸ਼ਰਧਾ ਭਾਵਨਾ ਨਾਲ ਸ਼ਮੂਲੀਅਤ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਮਨੁੱਖਤਾ ਲਈ ਉਹ ਅਦੁੱਤੀ ਸ਼ਹਾਦਤ ਹੈ, ਜਿਸਦੀ ਉਦਾਹਰਣ ਸਮੁੱਚੇ ਸੰਸਾਰ ਵਿੱਚ ਨਹੀਂ ਮਿਲਦੀ। "ਹਿੰਦ ਦੀ ਚਾਦਰ" ਦੇ ਸਨਮਾਨ ਨਾਲ ਨਵਾਜ਼ੇ ਗੁਰੂ ਸਾਹਿਬ ਨੇ ਧਰਮ, ਇਨਸਾਫ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਆਪਣਾ ਸੀਸ ਨਿਛਾਵਰ ਕਰ ਦਿੱਤਾ। ਕੈਬਨਿਟ ਮੰਤਰੀ ਨੇ ਕਿਹਾ ਕਿ ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਵੀ ਸਿੱਖ ਇਤਿਹਾਸ ਦਾ ਉਹ ਸੁਨਿਹਰਾ ਅਧਿਆਇ ਹੈ, ਜੋ ਸੰਸਾਰ ਨੂੰ ਸੱਚਾਈ ਅਤੇ ਧਰਮ ਨਿਭਾਉਣ ਦਾ ਸੰਦੇਸ਼ ਦਿੰਦਾ ਹੈ। ਸੀਸ ਸਸਕਾਰ ਦਿਵਸ ਦੇ ਸੰਬੰਧ ਵਿੱਚ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿਹਾ ਕਿ ਅੱਜ ਤੋਂ ਲਗਭਗ 350 ਸਾਲ ਪਹਿਲਾਂ, ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਸੀਸ ਦਾ ਸਸਕਾਰ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਹੋਇਆ ਸੀ। ਇਹ ਉਹ ਥਾਂ ਹੈ ਜਿੱਥੇ ਤੋਂ ਸਿੱਖ ਕੌਮ ਨੇ ਸ਼ਹਾਦਤ ਅਤੇ ਆਤਮ ਬਲਿਦਾਨ ਦੀਆਂ ਪ੍ਰੰਪਰਾਵਾਂ ਨੂੰ ਚੜਦੀ ਕਲਾ ਨਾਲ ਅੱਗੇ ਵਧਾਇਆ। ਕੈਬਨਿਟ ਮੰਤਰੀ ਨੇ ਭਾਈ ਜੈਤਾ ਜੀ ਦੀ ਮਹਾਨ ਭੂਮਿਕਾ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਦਿੱਲੀ ਤੋਂ ਗੁਰੂ ਸਾਹਿਬ ਦਾ ਪਾਵਨ ਸੀਸ ਕੀਰਤਪੁਰ ਸਾਹਿਬ ਲੈ ਕੇ ਪਹੁੰਚੇ। ਉੱਥੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ, ਪਰਿਵਾਰ ਅਤੇ ਸੰਗਤਾਂ ਸਮੇਤ ਗੁਰੂ ਸਾਹਿਬ ਦੇ ਪਾਵਨ ਸੀਸ ਨੂੰ ਸੋਹਣੇ ਬਿਬਾਨ ਵਿੱਚ ਸਜਾ ਕੇ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਏ, ਜਿੱਥੇ ਪਾਵਨ ਸੀਸ ਦਾ ਸਸਕਾਰ ਕੀਤਾ ਗਿਆ। ਅੱਜ ਨਗਰ ਕੀਰਤਨ ਦੌਰਾਨ ਹਜ਼ਾਰਾਂ ਸੰਗਤਾਂ ਨੇ ਭਗਤੀ-ਭਾਵਨਾ ਨਾਲ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਸਿਮਰਿਆ ਅਤੇ ਸਮੂਹ ਸਮਾਜ ਵਿੱਚ ਸ਼ਾਂਤੀ, ਭਾਈਚਾਰੇ ਅਤੇ ਸੱਚ ਦੀ ਜਿੱਤ ਦਾ ਸੰਦੇਸ਼ ਪ੍ਰਸਾਰਤ ਕੀਤਾ।

# ਰਿਆਤ-ਬਾਹਰਾ ਪ੍ਰੋਫੈਸ਼ਨਲ ਯੂਨੀਵਰਸਟੀ ਵਿੱਚ 'ਸਿਨਰਜੀ-05' ਪ੍ਰੋਗਰਾਮ ਆਯੋਜਿਤ




ਹੁਸ਼ਿਆਰਪੁਰ 29 ਨਵੰਬਰ (ਆਵਾਜ਼ਿ ਕੌਮ ਬਿਊਰੋ)-ਹੁਸ਼ਿਆਰਪੁਰ 29 ਨਵੰਬਰ (ਬਲਵੀਰ ਸਿੰਘ ਸੈਣੀ)-ਰਿਆਤ-ਬਾਹਰਾ ਪ੍ਰੋਫੈਸ਼ਨਲ ਯੂਨੀਵਰਸਟੀ ਵਿੱਚ 'ਸਿਨਰਜੀ-05' ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਜ਼ਿਲ੍ਹੇ ਦੇ ਸਰਕਾਰੀ ਅਤੇ ਗੈਰ-ਸਰਕਾਰੀ ਸਕੂਲਾਂ ਦੇ 2500 ਵਿਦਿਆਰਥੀਆਂ ਨੇ ਹਿੱਸਾ ਲਿਆ। ਪ੍ਰੋਗਰਾਮ ਵਿੱਚ ਡੀ.ਸੀ. ਆਸ਼ਿਕਾ ਜੈਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਈਆਂ, ਜਦਕਿ ਮਸ਼ਹੂਰ ਫ਼ਿਲਮ ਅਤੇ ਕਾਮੇਡੀ ਕਲਾਕਾਰ ਗੁਰਪ੍ਰੀਤ ਸਿੰਘ ਘੁੱਗੀ ਨੇ ਵਿਸ਼ੇਸ਼ ਹਾਜ਼ਰੀ ਭਰੀ। ਯੂਨੀਵਰਸਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸਹੀ ਰਾਹ ਦਿਖਾਉਣਾ ਸਮਾਜ ਦੀ ਜ਼ਿੰਮੇਵਾਰੀ ਹੈ। ਘੁੱਗੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨਸ਼ਾ ਸਿਰਫ਼ ਨੌਜਵਾਨਾਂ ਦਾ ਭਵਿੱਖ ਹੀ ਨਹੀਂ, ਬਲਕਿ ਪੂਰੇ ਪਰਿਵਾਰ ਅਤੇ ਸਮਾਜ ਦੀ ਨੀਂਹ ਨੂੰ ਕਮਜ਼ੋਰ ਕਰਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ੇ ਪ੍ਰਤੀ ਜ਼ੀਰੋ-ਟੌਲਰੈਂਸ ਨੀਤੀ ਅਪਣਾਉਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਿਸ ਵਿਚ ਨਸ਼ਾ-ਮੁਕਤ ਸਮਾਜ ਦੀ ਨਿਰਮਾਣ ਲਈ ਰਚਨਾਤਮਕ ਵਿਚਾਰ ਸਾਂਝੇ ਕੀਤੇ। ਯੂਨੀਵਰਸਟੀ ਦੇ ਵਾਈਸ ਚਾਂਸਲਰ ਡਾ. ਚੰਦਰ ਮੋਹਨ ਨੇ ਕਿਹਾ ਕਿ ਸਿਨਰਜੀ-05 ਦਾ ਮੁੱਖ ਉਦੇਸ਼ ਨੌਜਵਾਨਾਂ ਵਿੱਚ ਨਸ਼ਾ-ਨਿਵਾਰਣ ਬਾਰੇ ਜਾਗਰੂਕਤਾ ਫ਼ੈਲਾਉਣਾ ਹੈ। ਇਸ ਮੌਕੇ ਸੀਨੀਅਰ ਡਾਇਰੈਕਟਰ ਹਰਿੰਦਰ ਜਸਵਾਲ ਅਤੇ ਡਾਇਰੈਕਟਰ ਗੁਰਪ੍ਰੀਤ ਬੇਦੀ ਨੇ ਕਿਹਾ ਕਿ ਅਜੇਹੇ ਪ੍ਰੋਗਰਾਮ ਨੌਜਵਾਨਾਂ ਵਿੱਚ ਸਮਾਜਿਕ ਜ਼ਿੰਮੇਵਾਰੀ ਅਤੇ ਸਕਾਰਾਤਮਕ ਊਰਜਾ ਪੈਦਾ ਕਰਦੇ ਹਨ। ਯੂਨੀਵਰਸਟੀ ਪ੍ਰਬੰਧਨ ਵੱਲੋਂ ਅਧਿਆਪਕਾਂ, ਪ੍ਰਿੰਸੀਪਲਾਂ ਅਤੇ ਵਿਦਿਆਰਥੀਆਂ ਨੂੰ ਵਧੀਆ ਪ੍ਰਦਰਸ਼ਨ ਲਈ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਡੀਨ ਡਾ. ਕੁਲਦੀਪ ਵਾਲੀਆ ਨੇ ਸਮੂਹ ਪ੍ਰਿੰਸੀਪਲਾਂ , ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਡਾ. ਜਸਦੀਪ ਕੌਰ ਧਾਮੀ, ਡਾ. ਮਨਿੰਦਰ ਗਰੇਵਰ, ਡਾ. ਮੀਨਾਕਸ਼ੀ, ਪ੍ਰੇਮ ਲਤਾ, ਕੁਲਦੀਪ ਰਾਣਾ, ਡਾ. ਗੌਰਵ ਪਰਾਸ਼ਰ, ਡਾ. ਸੁਖਮੀਤ ਬੇਦੀ, ਡਾ. ਜਰਨੈਲ ਸਮੇਤ ਯੂਨੀਵਰਸਟੀ ਦਾ ਸਮੂਹ ਸਟਾਫ਼ ਮੌਜੂਦ ਸੀ।

### ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸਮਾਗਮ ਦੌਰਾਨ

# ਪੰਜਾਬ ਸਰਕਾਰ ਵੱਲੋਂ ਟੀ.ਬੀ. ਸਕਰੀਨਿੰਗ ਮੁਹਿੰਮ ਰਾਹੀਂ ਲਗਭਗ 1500 ਐਕਸ-ਰੇ ਕੀਤੇ

ਸ੍ਰੀ ਅਨੰਦਪੁਰ ਸਾਹਿਬ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸਮਾਗਮ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਵਿੱਚ ਲੋਕਾਂ ਨੂੰ ਉੱਚ-ਪੱਧਰੀ ਤੇ ਮੁਫ਼ਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਸਿਵਲ ਸਰਜਨ ਡਾ. ਸੁਖਵਿੰਦਰਜੀਤ ਸਿੰਘ ਜੀ ਦੀ ਅਗਵਾਈ ਹੇਠ ਮਿਤੀ 19 ਨਵੰਬਰ 2025 ਤੋਂ 29 ਨਵੰਬਰ 2025 ਤੱਕ ਰਾਸ਼ਟਰੀ ਤਪਦਿਕ ਇਲੈਮਿਨੇਸ਼ਨ ਪ੍ਰੋਗਰਾਮ ਅਧੀਨ ਟੀ.ਬੀ. ਮੁਕਤ ਭਾਰਤ ਅਭਿਆਨ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਹੈਂਡਹੈਲਡ ਐਕਸ-ਰੇ ਸਕਰੀਨਿੰਗ ਮੁਹਿੰਮ ਚਲਾਈ ਗਈ। ਇਸ ਅਭਿਆਨ ਤਹਿਤ 05 ਹੈਂਡਹੈਲਡ ਐਕਸ-ਰੇ ਮਸ਼ੀਨਾਂ ਦੀ ਤਾਇਨਾਤੀ ਕਰਕੇ ਸੰਵੇਦਨਸ਼ੀਲ ਜਨਸੰਖਿਆ ਦੀ ਸਕਰੀਨਿੰਗ ਕੀਤੀ ਗਈ। ਸਟੇਟ ਟੀ.ਬੀ. ਪ੍ਰੋਗਰਾਮ ਅਧਿਕਾਰੀ ਪੰਜਾਬ, ਸਿਵਲ ਸਰਜਨ ਡਾ. ਸੁਖਵਿੰਦਰਜੀਤ ਸਿੰਘ, ਜ਼ਿਲ੍ਹਾ ਤਪਦਿਕ ਅਧਿਕਾਰੀ ਡਾ. ਰੂਹਪ੍ਰੀਤ ਕੌਰ ਸੰਧੂ ਅਤੇ ਡਾ. ਡੋਰੀਆ ਬੱਗਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ 2, ਚੰਡੇਸਰ ਟੈਂਟ ਸਿਟੀ ਵਿਖੇ 1, ਕੀਰਤਪੁਰ ਸਾਹਿਬ ਵਿਖੇ 1 ਅਤੇ ਵਿਧਾਨ ਸਭਾ ਭਵਨ ਵਿਖੇ 1 ਐਕਸ-ਰੇ ਕੇਂਦਰ ਸਥਾਪਿਤ ਕੀਤੇ ਗਏ, ਜਿੱਥੇ ਰੇਡੀਓਗ੍ਰਾਫਰ, ਸੀ.ਐੱਚ.ਓ., ਏ.ਐੱਨ.ਐੱਮ. ਅਤੇ ਟੀ.ਬੀ. ਸਟਾਫ ਦੀ ਤਾਇਨਾਤੀ ਕੀਤੀ ਗਈ। ਮਿਤੀ 19 ਤੋਂ 29 ਨਵੰਬਰ 2025 ਤੱਕ ਲਗਭਗ 1500 ਐਕਸ-ਰੇ ਕਰਕੇ ਸ਼ੱਕੀ ਮਰੀਜ਼ਾਂ ਦੇ ਨਮੂਨੇ ਨੇੜਲੇ ਸਿਹਤ ਕੇਂਦਰਾਂ ਨੂੰ ਭੇਜੇ ਗਏ ਤਾਂ ਜੋ ਅਗਲੇ ਟੈਸਟ ਅਤੇ ਸਮੇਂ ਸਿਰ ਇਲਾਜ ਸੁਨਿਸ਼ਿਚਤ ਕੀਤਾ ਜਾ ਸਕੇ। ਇਸ ਮੌਕੇ ਸਿਵਲ ਸਰਜਨ ਡਾ. ਸੁਖਵਿੰਦਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਮੁਦਾਇਕ ਸਿਹਤ ਦੀ ਸੁਰੱਖਿਆ ਅਤੇ ਟੀ.ਬੀ. ਦੇ ਖਾਤਮੇ ਲਈ ਕੀਤੇ ਜਾ ਰਹੇ ਇਹ ਉਪਰਾਲੇ ਬਹੁਤ ਮਹੱਤਵਪੂਰਨ ਹਨ। ਸ਼ਹੀਦੀ ਸਮਾਗਮ ਦੌਰਾਨ ਕੀਤੀ ਗਈ ਇਹ ਸਕਰੀਨਿੰਗ ਟੀ.ਬੀ. ਦੀ ਸ਼ੁਰੂਆਤੀ ਪਛਾਣ ਅਤੇ ਇਲਾਜ ਵਾਸਤੇ ਇਕ ਬਹੁਤ ਪ੍ਰਭਾਵਸ਼ਾਲੀ ਕਦਮ ਹੈ। ਉਨ੍ਹਾਂ ਕਿਹਾ ਕਿ ਅਸੀਂ ਟੀ.ਬੀ. ਮੁਕਤ ਪੰਜਾਬ ਦੀ ਦਿਸ਼ਾ ਵਿੱਚ ਦ੍ਰਿੜ. ਨਿਸ਼ਚਾ ਨਾਲ ਅੱਗੇ ਵੱਧ ਰਹੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਅਰਜਨ ਦੇਵ ਖਾਲਸਾ ਕਾਲਜ ਚੋਹਲਾ ਸਾਹਿਬ ਵਿੱਚ ਅੰਤਰ ਸਕੂਲ ਮੁਕਾਬਲੇ 2 ਦਸੰਬਰ ਨੂੰ

ਚੋਹਲਾ ਸਾਹਿਬ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਸਫਲਤਾ ਪੂਰਵਕ ਚੱਲ ਰਹੇ ਗੁਰੂ ਅਰਜਨ ਦੇਵ ਖਾਲਸਾ ਕਾਲਜ ਚੋਹਲਾ ਸਾਹਿਬ ਦੇ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਨੇ ਜਾਣਕਾਰੀ ਸਾਂਝੀ ਕਰਦੇ ਹੋਇਆ ਦੱਸਿਆ ਕਿ ਇਲਾਕੇ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦੇ ਹੁਨਰ ਪਰਖ ਲਈ ਅੰਤਰ ਸਕੂਲ ਮੁਕਾਬਲੇ ਮਿਤੀ 2 ਦਸੰਬਰ 2025 ਨੂੰ ਕਰਵਾਏ ਜਾ ਰਹੇ ਹਨ। ਜਿਸ ਵਿੱਚ ਇਲਾਕੇ ਦੇ 50 ਤੋਂ ਵੱਧ ਸਕੂਲ ਵੱਖ-ਵੱਖ 23 ਮੁਕਾਬਲਿਆਂ ਵਿੱਚ ਹਿੱਸਾ ਲੈ ਰਹੇ ਹਨ। ਇਸ ਸਬੰਧੀ ਉਨ੍ਹਾ ਨੇ ਵੱਖ-ਵੱਖ ਸਕੂਲਾਂ ਦੇ ਮੁਖੀ ਸਾਹਿਬਾਨ ਅਤੇ ਅਧਿਆਪਕ ਸਾਹਿਬਾਨ ਨੂੰ ਪ੍ਰੇਰਿਤ ਕਰਦੇ ਹੋਏ ਇਸ ਵਿੱਚ ਹਿੱਸਾ ਲੈਣ ਲਈ ਕਿਹਾ।

# ਕੈਬਨਿਟ ਮੰਤਰੀ ਡਾ. ਰਵਜੋਤ ਨੇ ਸ਼ਾਮ ਚੁਰਾਸੀ 'ਚ 61 ਪਰਿਵਾਰਾਂ ਨੂੰ 1.50 ਕਰੋੜ ਦੇ ਚੈਕ ਵੰਡੇ

ਹੁਸ਼ਿਆਰਪੁਰ 29 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਯੋਗ ਪਰਿਵਾਰਾਂ ਨੂੰ ਬੁਨਿਆਦੀ ਸੁਵਿਧਾਵਾਂ ਉਪਲਬੱਧ ਕਰਵਾਉਣ ਲਈ ਲਗਾਤਾਰ ਵੱਡੇ ਫੈਸਲੇ ਲੈ ਰਹੀ ਹੈ। ਇਸੇ ਕੜੀ ਵਿਚ ਅੱਜ ਸ਼ਾਮ ਚੁਰਾਸੀ ਵਿਚ ਆਵਾਸ ਸਸ਼ਕਤੀਕਰਨ ਸਹਾਇਤਾ ਪ੍ਰੋਗਰਾਮ ਕਰਵਾਇਆ ਗਿਆ ਜਿਥੇ 61 ਲਾਭਪਾਤਰੀਆਂ ਪਰਿਵਾਰਾਂ ਨੂੰ ਮਕਾਨ ਬਣਾਉਣ ਲਈ ਚੈੱਕ ਵੰਡੇ ਗਏ ।ਕੈਬਨਿਟ ਮੰਤਰੀ ਨੇ ਸਮਾਰੋਹ ਦੌਰਾਨ 61 ਪਰਿਵਾਰਾਂ ਨੂੰ ਕੁੱਲ 1,50,48,000 ਰੁਪਏ ਦੀ ਰਾਸ਼ੀ ਦੇ ਚੈੱਕ ਸੌਂਪੇ, ਤਾਂ ਜੋ ਉਹ ਆਪਣੇ ਕੱਚੇ ਜਾਂ ਖਸਤਾ ਮਕਾਨਾਂ ਦੀ ਥਾਂ ਪੱਕੇ ਅਤੇ ਸੁਰੱਖਿਅਤ ਘਰ ਦਾ ਨਿਰਮਾਣ ਕਰ ਸਕਣ। ਉਨ੍ਹਾਂ ਕਿਹਾ ਕਿ ਪੱਕਾ ਮਕਾਨ ਕੇਵਲ ਇਕ ਢਾਂਚਾ ਨਹੀਂ, ਬਲਕਿ ਸੁਰੱਖਿਆ, ਸਥਾਈ ਅਤੇ ਬਿਹਤਰ ਭਵਿੱਖ ਦੀ ਨੀਂਹ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਯੋਜਨਾਵਾਂ ਨਾਲ ਨਾਗਰਿਕਾਂ ਦਾ ਸਰਕਾਰ 'ਤੇ ਵਿਸ਼ਵਾਸ ਮਜ਼ਬੂਤ ਹੁੰਦਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਕੰਮਾਂ ਨੂੰ ਬਿਨਾਂ ਕਿਸੇ ਭੇਦਭਾਵ ਦੇ ਘਰ-ਘਰ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਪ੍ਰੋਗਰਾਮ ਵਿਚ ਸਥਾਨਕ ਪ੍ਰਸ਼ਾਸਨਿਕ ਅਧਿਕਾਰੀ, ਪੰਚਾਇਤ ਪ੍ਰਤੀਨਿੱਧ ਅਤੇ ਪਤਵੰਤੇ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV